Reshmi's Group

ETHINIC FOOD DISTRIBUTOR

Haldiram's

# Frozen Food & Snacks




Enjoy authentic taste anytime with Haldiram's Frozen Snacks & Meals.

BUY NOW

**For Wholesale Order at :**

1120 Andover Park E,Tukwila, WA 98188,T: (206) 575-0050,
E: sales@reshmisgroup.com.



# DIAMONDS!

Diamond Necklace
Wedding Sets
and
Wedding Rings

**50% off**

Come see our collection

## ਡਾਇਮੰਡਜ !

ਅਸੀਂ ਹਣ ਡਾਇਮੰਡ ਨੈਕੁਲੇਸ, ਵਿਆਹ ਦੇ ਸੈੱਟ
ਅਤੇ ਵਿਆਹ ਲਈ ਅੰਗੂਠੀਆਂ ਵੀ ਰੱਖਦੇ ਹਾਂ

**50% off**

ਆ ਕੇ ਕੁਲੈਕਸ਼ਨ ਦੇਖੋ

# Season Special!

Visit our store for special pricing when buying
50 grams or more of 22k Gold Jewelry!

# ਸੀਜਨ ਸਪੈਸ਼ਲ !

ਜਦੋਂ ਤੁਸੀਂ 50 ਗਰਾਮ ਜਾਂ ਇਸ ਤੋਂ ਜ਼ਿਆਦਾ 22 ਕੈਰੇਟ ਦੇ ਸੋਨੇ ਦੇ ਗਹਿਣੇ ਖਰੀਦਦੇ ਹੋ
ਤਾਂ ਸਪੈਸ਼ਲ ਕੀਮਤਾਂ ਲਈ ਸਾਡੇ ਸਟੋਰੇ ਤੇ ਆਉ।

**CASH FOR GOLD**

ਸੋਨੇ ਬਦਲੇ ਡਾਲਰ ਲਉ

ਸਾਡੀਆਂ ਕੀਮਤਾਂ ਬਹੁਤ ਘੱਟ ਹਨ

# TAJ JEWELERS

**TRADE YOUR OLD GOLD FOR NEW JEWELRY**

ਆਪਣੇ ਪੁਰਾਣੇ ਗਹਿਣਿਆਂ ਬਦਲੇ ਨਵੇਂ ਫੈਸ਼ਨ ਦੇ ਗਹਿਣੇ ਲਉ

UNIQUELY DESIGNED 22KT GOLD JEWELRY

WE SELL FOR LESS

# ਤਾਜ਼ ਜਿਊਲਰਜ਼

22 ਕੈਰੇਟ ਸੋਨੇ ਦੀ ਜਿਊਲਰੀ ਦੇ ਨਵੇਂ ਨਵੇਂ ਡਿਜ਼ਾਈਨ

**Ph:253-981-3071**

**10120 SE 260th St. Suite 110, Kent, WA 98030**

Open: 7 Days Tuesday to Sunday 11am to 7pm, Mon 11am to 6pm
ਅਸੀਂ ਹਫਤੇ ਦੇ ਸੱਤੇ ਦਿਨ ਖੁੱਲਦੇ ਹਾਂ
ਮੰਗਲਵਾਰ ਤੋਂ ਐਤਵਾਰ ਸਵੇਰ 11ਵਜੇ ਤੋਂ ਸ਼ਾਮ 7 ਵਜੇ ਤੱਕ, ਸੋਮਵਾਰ ਸਵੇਰ 11 ਤੋਂ ਸ਼ਾਮ 6 ਵਜੇ ਤੱਕ

# ਹੋਰਮੁਜ਼ ਜਲ ਮਾਰਗ ਬੰਦ ਰੱਖਿਆ ਜਾਵੇਗਾ ਤੇ ਹਮਲੇ ਜਾਰੀ ਰਹਿਣਗੇ ਜਾਰੀ:ਖਾਮਨੇਈ




ਤਹਿਰਾਨ: ਇਰਾਨ ਦੇ ਨਵੇਂ ਸੁਪਰੀਮ ਲੀਡਰ, ਮੋਜਤਬਾ ਖਾਮੇਨੀ ਨੇ ਆਪਣਾ ਪਹਿਲਾ ਸੰਦੇਸ਼ ਜਾਰੀ ਕੀਤਾ ਹੈ। ਇਸ ਵਿੱਚ, ਉਨ੍ਹਾਂ ਕਿਹਾ ਕਿ ਉਹ "ਸ਼ਹੀਦਾਂ ਦੀਆਂ ਮੌਤਾਂ ਦਾ ਬਦਲਾ ਲੈਣਗੇ।"ਉਨ੍ਹਾਂ ਬੱਚਿਆਂ ਦੀ ਮੌਤ ਦਾ ਬਦਲਾ ਲੈਣ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਸ਼ਹਾਦਤ ਨੂੰ ਭੁਲਾਇਆ ਨਹੀਂ ਜਾਵੇਗਾ। ਉਨ੍ਹਾਂ ਇੱਕ ਹੋਰ ਮਹੱਤਵਪੂਰਨ ਐਲਾਨ ਕੀਤਾ, ਜਿਸ ਵਿੱਚ ਕਿਹਾ ਗਿਆ ਕਿ ਹੋਰਮੁਜ ਜਲਡਮਰੂ ਬੰਦ ਰਹੇਗਾ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਵਿਸ਼ਵ ਤੇਲ ਬਾਜ਼ਾਰ ਵਿੱਚ ਤੇਲ ਸੰਕਟ ਜਾਰੀ ਰਹੇਗਾ। ਪਿਛਲੇ 15 ਦਿਨਾਂ ਤੋਂ ਇਸ ਮੱਧ ਪੂਰਬੀ ਟਕਰਾਅ ਨਾਲ ਦੁਨੀਆ ਭਰ ਵਿੱਚ ਤੇਲ ਅਤੇ ਗੈਸ ਦੀਆਂ ਕੀਮਤਾਂ ਅਸਮਾਨ ਛੂਹੀਆਂ ਹਨ। ਤੇਲ ਅਤੇ ਗੈਸ ਸੰਕਟ ਨੇ ਵਿਆਪਕ ਚਿੰਤਾ ਪੈਦਾ ਕੀਤੀ ਹੈ। ਮੁਜਤਬਾ ਦੇ ਐਲਾਨ ਨੇ ਦੁਨੀਆ ਨੂੰ ਹੋਰ ਵੀ ਚਿੰਤਤ ਕਰ ਦਿੱਤਾ ਹੈ।ਮੋਜਤਬਾ ਨੇ ਕਿਹਾ ਕਿ ਮੱਧ ਪੂਰਬ ਵਿੱਚ ਸਾਰੇ ਅਮਰੀਕੀ ਫੌਜੀ ਠਿਕਾਣਿਆਂ ਨੂੰ ਖਾਲੀ ਕਰ ਦੇਣਾ ਚਾਹੀਦਾ ਹੈ। "ਅਸੀਂ ਉਦੋਂ ਤੱਕ ਹਮਲਾ ਕਰਦੇ ਰਹਾਂਗੇ, ਜਦੋਂ ਤੱਕ ਅਜਿਹਾ ਨਹੀਂ ਹੁੰਦਾ," ਉਨ੍ਹਾਂ ਕਿਹਾ। ਮੋਜਤਬਾ ਸਾਬਕਾ ਇਰਾਨੀ ਸੁਪਰੀਮ ਲੀਡਰ ਸੱਯਦ ਅਯਾਤੁੱਲਾ ਅਲੀ ਖਾਮੇਨੇਈ ਦਾ ਪੁੱਤਰ ਹੈ, ਜਿਨ੍ਹਾਂ ਨੂੰ ਨਵਾਂ ਸੁਪਰੀਮ ਲੀਡਰ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਖਾੜੀ ਦੇ ਅਰਬ ਗੁਆਂਢੀ ਦੇਸ਼ਾਂ 'ਤੇ ਇਰਾਨ ਦੇ ਹਮਲੇ ਜਾਰੀ ਰਹਿਣਗੇ।ਈਰਾਨ ਨੇ ਦੁਬਈ ਦੇ ਤੱਟ 'ਤੇ ਇੱਕ ਕੰਟੇਨਰ ਜਹਾਜ਼ ਨੂੰ ਨਿਸ਼ਾਨਾ ਬਣਾਇਆ, ਬਹਿਰੀਨ ਦੇ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਅੱਗ ਲਗਾਈ, ਇੱਕ ਡਰੋਨ ਹਮਲੇ ਨਾਲ ਸਾਊਦੀ ਅਰਬ ਦੇ ਇੱਕ ਵੱਡੇ ਤੇਲ ਖੇਤਰ ਨੂੰ ਨਿਸ਼ਾਨਾ ਬਣਾਇਆ ਅਤੇ ਫਾਰਸ ਦੀ ਖਾੜੀ ਵਿੱਚ ਬਸਰਾ ਬੰਦਰਗਾਹ 'ਤੇ ਹਮਲੇ ਤੋਂ ਬਾਅਦ ਇਰਾਕ ਨੂੰ ਦੇਸ਼ ਦੇ ਸਾਰੇ ਤੇਲ ਟਰਮੀਨਲਾਂ 'ਤੇ ਕੰਮ ਰੋਕਣ ਲਈ ਮਜਬੂਰ ਕਰ ਦਿੱਤਾ ਹੈ।

# ਸ਼ਬੀਰ ਸ਼ਾਹ ਨੂੰ ਮਿਲੀ ਜ਼ਮਾਨਤ

ਨਵੀਂ ਦਿੱਲੀ:ਸੁਪਰੀਮ ਕੋਰਟ ਨੇ ਜੰਮੂ-ਕਸ਼ਮੀਰ ਡੈਮੋਕਰੇਟਿਕ ਫਰੀਡਮ ਪਾਰਟੀ ਦੇ ਆਗੂ ਸ਼ਬੀਰ ਅਹਿਮਦ ਸ਼ਾਹ ਨੂੰ ਜੰਮੂ-ਕਸ਼ਮੀਰ ਵਿੱਚ ਦਹਿਸ਼ਤਗਰਦਾਂ ਨੂੰ ਫੰਡਿੰਗ ਤੇ ਵੱਖਵਾਦੀ ਸਰਗਰਮੀਆਂ ਦੇ ਮਾਮਲੇ ਵਿੱਚ ਜ਼ਮਾਨਤ ਦੇ ਦਿੱਤੀ। ਜਸਟਿਸ ਵਿਕਰਮ ਨਾਥ ਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਵੱਲੋਂ ਦਰਜ ਮਾਮਲੇ ਵਿੱਚ ਦਿੱਲੀ ਹਾਈ ਕੋਰਟ ਵੱਲੋਂ ਜ਼ਮਾਨਤ ਤੋਂ ਨਾਂਹ ਕਰਨ ਦੇ 12 ਜੂਨ 2025 ਦੇ ਫੈਸਲੇ ਵਿਰੁੱਧ ਅਪੀਲ ਦੀ ਸੁਣਵਾਈ ਕਰਦਿਆਂ ਸ਼ਾਹ ਨੂੰ ਰਾਹਤ ਦਿੱਤੀ ਹੈ।ਸ਼ਾਹ 'ਤੇ ਦੋਸ਼ ਸੀ ਕਿ ਉਸ ਨੇ ਲੋਕਾਂ ਨੂੰ ਵੱਖਵਾਦ ਦੇ ਹੱਕ ਵਿੱਚ ਨਾਅਰੇ ਲੁਆ ਕੇ, ਮਾਰੇ ਜਾਣ ਵਾਲੇ ਦਹਿਸ਼ਤਗਰਦਾਂ ਨੂੰ ਸ਼ਹੀਦ ਕਰਾਰ ਦੇ ਕੇ ਜੰਮੂ-ਕਸ਼ਮੀਰ ਵਿੱਚ ਅੱਤਵਾਦੀਆਂ ਤੇ ਵੱਖਵਾਦੀਆਂ ਨੂੰ ਉਤਸ਼ਾਹਤ ਕੀਤਾ। ਉਸ ਨੇ ਹਵਾਲਾ ਅਤੇ ਲਾਈਨ ਆਫ ਕੰਟਰੋਲ ਰਾਹੀਂ ਵਪਾਰ ਕਰਕੇ ਫੰਡ ਇਕੱਠਾ ਕੀਤਾ। ਉਹ 'ਆਜ਼ਾਦੀ' ਦੇ ਪਰਦੇ ਹੇਠ ਜੰਮੂ-ਕਸ਼ਮੀਰ ਨੂੰ ਭਾਰਤ ਨਾਲੋਂ ਅੱਡ ਕਰਾਉਣ ਲਈ ਸਰਗਰਮ ਸੀ। ਸ਼ਬੀਰ ਸ਼ਾਹ 4 ਜੂਨ 2019 ਤੋਂ ਜੇਲ੍ਹ ਵਿੱਚ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਉਹ ਕਾਫੀ ਚਿਰ ਤੋਂ ਜੇਲ੍ਹ ਵਿੱਚ ਹੈ ਤੇ ਮੁਕੱਦਮਾ ਕਿਸੇ ਪਾਸੇ ਲੱਗ ਨਹੀਂ ਰਿਹਾ।




TUKWILA DENTAL CENTER

NEW PATIENTS & EMERGENCIES WELCOME
GENERAL DENTISTRY FOR ALL AGES

*A Caring Team for You & Your Family*
Most Crowns and Bridges are made same day with our CAD/CAM System

- General Dentistry
- Bridges
- Fillings
- Dentures
- Dental Implants
- Crowns
- Cosmetic Dentistry
- Sealants
- Treatment of Gum Disease
- Oral Surgery
- Root Canals



HARCHAND SINGH DDS PS, SARAA ABDULATEEF DDS MS, ABRAAM ABRAMOV LD, MUKTA SINGH DDS, TANVEER S BUTTAR DDS

| Hours : | | |
|---|---|---|
| | Monday | 9AM - 6PM |
| | Tuesday | 9AM - 6PM |
| | Wednesday | 9AM - 6PM |
| | Thursday | 9AM - 6PM |
| | Friday | 8AM - 4PM |

*(Fellow & Master Academy of General Dentistry)*

DENTAL LAB ON PREMISES

13955 Interurban Ave So, Tukwila, WA 98168
www.tukwiladentalcenter.com Email: tukwiladentalcenter@comcast.net
Ph: 206-431-0953, 206-241-0454, Fax: 206-439-6860



Complete Dental Care

New & Emergency Patients Welcome

-Family & Cosmetic Dentistry
-Root Canals, Wisdom Teeth Removal, Metal-free Restorations
-Bleeching, Veneer, Bonding
-Preventive & Pediatric Dentistry




ਹਰ ਤਰਾਂ ਦੇ ਦੰਦਾਂ ਦਾ ਇਲਾਜ਼ ਕਰਵਾਉਣ ਲਈ ਸੰਪਰਕ ਕਰੋ

Dr. Manpreet Dhaliwal
Dr. Navdeep Dhaliwal
Dr. Donald Hainer

Complete DENTAL CARE

Ph: 253-854-2714
SUITE #1, 10725 SE 256TH ST, KENT, WA

Prices Effective From 12th March 2026

PUNJAB GROCERY BAZAAR

OLD KK MARKET







Menu Chnage Weekly

**Pure Veg Tiffin**

(Dal, Sabji, Raita, 8 Roti, Pickle, Salad) – Pickup Mon–Sat 11–1.

Contact Us for

Pure Veg Catering (Up to 100 People)

+1 253-854-5236

23805, 104TH AVE SE, KENT, WA 98031, UNITED STATES

# ਤਾਲਿਬਾਨ ਨਾਲ ਟਕਰਾਅ ਲਈ ਭਾਰਤ ਨੂੰ ਜ਼ਿੰਮੇਵਾਰ ਠਹਿਰਾਉਣਾ ਗਲਤ:ਭਾਰਤ

ਭਾਰਤ ਨੇ ਪਾਕਿਸਤਾਨ ਦੇ ਉਨ੍ਹਾਂ ਦੋਸ਼ਾਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ, ਜਿਨ੍ਹਾਂ ਵਿੱਚ ਪਾਕਿਸਤਾਨੀ ਫੌਜ ਅਤੇ ਤਾਲਿਬਾਨ ਵਿਚਕਾਰ ਹੋਈ ਹਿੰਸਕ ਝੜਪ ਪਿੱਛੇ ਭਾਰਤ ਦਾ ਹੱਥ ਹੋਣ ਦੀ ਗੱਲ ਕਹੀ ਗਈ ਸੀ। ਭਾਰਤੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਪਾਕਿਸਤਾਨ ਦੀ ਇਹ ਆਦਤ ਬਣ ਚੁੱਕੀ ਹੈ ਕਿ ਉਹ ਆਪਣੀਆਂ ਗਲਤੀਆਂ ਦਾ ਦੋਸ਼ ਭਾਰਤ ਸਿਰ ਮੜ੍ਹਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪਾਕਿਸਤਾਨ ਵੱਲੋਂ ਘੜੀਆਂ ਗਈਆਂ ਝੂਠੀਆਂ ਕਹਾਣੀਆਂ ਇਸ ਸੱਚਾਈ ਨੂੰ ਨਹੀਂ ਬਦਲ ਸਕਦੀਆਂ ਕਿ ਪਾਕਿਸਤਾਨ ਦਹਾਕਿਆਂ ਤੋਂ ਸਰਹੱਦ ਪਾਰ ਅਤਿਵਾਦ ਨੂੰ ਸ਼ਹਿ ਦਿੰਦਾ ਆ ਰਿਹਾ ਹੈ।ਉਨ੍ਹਾਂ ਕਿਹਾ ਕਿ ਪਾਕਿਸਤਾਨ ਵੱਲੋਂ ਖੁਦ ਨੂੰ ਪੀੜਤ ਦਿਖਾਉਣ ਦੀ ਕੋਸ਼ਿਸ਼ ਨਾਲ ਦੁਨੀਆ ਗੁਮਰਾਹ ਨਹੀਂ ਹੋਵੇਗੀ।ਭਾਰਤ ਨੇ ਭਾਰਤ-ਕੈਨੇਡਾ ਯੂਰੇਨੀਅਮ ਸੌਦੇ ਬਾਰੇ ਪਾਕਿਸਤਾਨ ਵੱਲੋਂ ਕੀਤੀ ਗਈ ਆਲੋਚਨਾ ਨੂੰ ਵੀ ਹਾਸੋਹੀਣਾ ਕਰਾਰ ਦਿੱਤਾ ਹੈ।ਪਾਕਿਸਤਾਨ ਨੇ ਖਦਸ਼ਾ ਜਤਾਇਆ ਸੀ ਕਿ ਇਸ ਸੌਦੇ ਨਾਲ ਭਾਰਤ ਨੂੰ ਆਪਣੇ ਪ੍ਰਮਾਣੂ ਹਥਿਆਰ ਵਧਾਉਣ ਵਿੱਚ ਮੱਦਦ ਮਿਲੇਗੀ। ਇਸ ਦੇ ਜਵਾਬ ਵਿੱਚ ਭਾਰਤ ਨੇ ਕਿਹਾ ਕਿ ਪਾਕਿਸਤਾਨ, ਜਿਸ ਦਾ ਆਪਣਾ ਪ੍ਰਮਾਣੂ ਪ੍ਰਸਾਰ ਦਾ ਰਿਕਾਰਡ ਬਹੁਤ ਮਾੜਾ ਰਿਹਾ ਹੈ, ਨੂੰ ਦੂਜਿਆਂ ਨੂੰ ਸਲਾਹ ਦੇਣ ਦਾ ਕੋਈ ਹੱਕ ਨਹੀਂ ਹੈ। ਭਾਰਤ ਨੇ ਕੈਨੇਡਾ ਨਾਲ 2.6 ਅਰਬ ਡਾਲਰ ਦਾ ਸਮਝੌਤਾ ਕੀਤਾ ਹੈ ਜਿਸ ਤਹਿਤ 2027 ਤੋਂ 2035 ਤੱਕ ਬਿਜਲੀ ਉਤਪਾਦਨ ਲਈ ਯੂਰੇਨੀਅਮ ਦੀ ਸਪਲਾਈ ਕੀਤੀ ਜਾਵੇਗੀ।ਭਾਰਤ ਨੇ ਕਿਹਾ ਕਿ ਪਾਕਿਸਤਾਨ ਦੇ ਅਜਿਹੇ ਬਿਆਨ ਸਿਰਫ ਆਪਣੇ ਮਾੜੇ ਰਿਕਾਰਡ ਤੋਂ ਦੁਨੀਆ ਦਾ ਧਿਆਨ ਹਟਾਉਣ ਦੀ ਇੱਕ ਕੋਸ਼ਿਸ਼ ਹਨ।


ਹੁਣ ਕੈਂਟ ਵਿੱਚ ਵਿਜੈ ਜਿਉਲਰਜ਼ ਨੇ
ਆਪਣੀ ਨਵੀਂ ਦੁਕਾਨ ਖੋਲ੍ਹ ਦਿੱਤੀ ਹੈ

Vijay JEWELLERS INC.

Specializing in 22K Gold




ਸੋਨੇ ਦੀਆਂ ਬਾਰਾਂ ਸਪੈਸ਼ਲ ਕੀਮਤਾਂ ਤੇ ਮਿਲਦੀਆਂ ਹਨ



ਅਨੇਕਾਂ ਪ੍ਰਕਾਰ ਦੇ ਗਹਿਣੇ
ਲੇਟੈਸਟ ਡਿਜਾਈਨਾਂ ਵਿਚ ਲਵੋ

ਹਰੇਕ ਤਰ੍ਹਾਂ ਦੇ
ਨਗ ਸਰਟੀਫਾਈਡ
ਮਿਲਦੇ ਹਨ

ਅਸੀਂ ਹਰ ਤਰਾਂ ਦੇ ਗਹਿਣੇ ਰਿਪੇਅਰ ਵੀ ਕਰਦੇ ਹਾਂ

Naman Dhawan
856-325-9919, 253-277-3854

Vijay Dhawan
253-656-2666

25416 104th Ave SE, Kent, WA 98030, USA
www.vijayjewellersseattle.com vijayjewellersinc@gmail.com

# ਨਵਦੀਪ ਕੌਰ ਦੇ ਕਤਲ ਮਾਮਲੇ 'ਚ ਸ਼ੱਕੀ ਪੰਜਾਬੀ ਖ਼ਿਲਾਫ਼ ਵਾਰੰਟ ਜਾਰੀ

ਵੈਨਕੂਵਰ:ਕੈਨੇਡਾ ਦੇ ਸੂਬੇ ਬ੍ਰਿਟਿਸ਼ ਕੋਲੰਬੀਆ ਦੇ ਸ਼ਹਿਰ ਐਬਟਸਫੋਰਡ 'ਚ 2024 ਦੌਰਾਨ ਵਾਪਰੇ 28 ਸਾਲਾ ਨਵਦੀਪ ਕੌਰ ਦੇ ਕਤਲ ਮਾਮਲੇ 'ਚ ਪੁਲਿਸ ਨੇ ਮੁੱਖ ਸ਼ੱਕੀ ਖ਼ਿਲਾਫ਼ ਕੈਨੇਡਾ ਭਰ 'ਚ ਗ੍ਰਿਫ਼ਤਾਰੀ ਵਾਰੰਟ ਜਾਰੀ ਕਰ ਦਿੱਤਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਉਕਤ ਸ਼ੱਕੀ ਵਿਅਕਤੀ ਦੇਸ਼ ਤੋਂ ਬਾਹਰ ਭੱਜ ਜਾਣ ਦੀ ਸੰਭਾਵਨਾ ਦੇ ਮੱਦੇ ਨਜ਼ਰ ਇਹ ਫੈਸਲਾ ਲਿਆ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਇਸ ਮਾਮਲੇ 'ਚ ਪੰਜਾਬੀ ਮੂਲ ਦੇ ਨੌਜਵਾਨ ਅਮਰਬੀਰ ਸਿੰਘ ਉੱਤੇ ਦੋਸ਼ ਲਗਾਏ ਗਏ ਹਨ। ਪੁਲਿਸ ਮੁਤਾਬਕ ਇਹ ਮਾਮਲਾ 2024 ਵਿਚ ਐਬਟਸਫੋਰਡ ਵਿਚ ਵਾਪਰਿਆ ਸੀ, ਜਦੋਂ



28 ਸਾਲਾ ਨਵਦੀਪ ਕੌਰ ਦੀ ਸ਼ੱਕੀ ਹਾਲਾਤਾਂ ਵਿਚ ਮੌਤ ਹੋ ਗਈ ਸੀ। ਇਸ ਘਟਨਾ ਤੋਂ ਬਾਅਦ ਮਾਮਲੇ ਦੀ ਜਾਂਚ ਬ੍ਰਿਟਿਸ਼ ਕੋਲੰਬੀਆ ਦੀ ਇੰਟੀਗ੍ਰੇਟਿਡ ਹੋਮਿਸਾਈਡ ਇਨਵੈਸਟਿਗੇਸ਼ਨ ਟੀਮ ਵੱਲੋਂ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਜਾਂਚ ਦੌਰਾਨ ਇਕੱਠੇ ਕੀਤੇ ਗਏ ਸਬੂਤਾਂ ਦੇ ਆਧਾਰ 'ਤੇ ਅਮਰਬੀਰ ਸਿੰਘ ਖ਼ਿਲਾਫ਼ ਦੋਸ਼ ਤੈਅ ਕੀਤੇ ਗਏ ਹਨ ਅਤੇ ਹੁਣ ਉਸ ਦੀ ਗ੍ਰਿਫ਼ਤਾਰੀ ਲਈ ਕੈਨੇਡਾ ਭਰ ਵਿਚ ਵਾਰੰਟ ਜਾਰੀ ਕਰ ਦਿੱਤਾ ਗਿਆ ਹੈ।

# ਅਮਰੀਕਾ ਵੱਲੋਂ ਭਾਰਤ ਸਮੇਤ 16 ਦੇਸ਼ਾਂ ਵਿਰੁੱਧ ਵਪਾਰਕ ਜਾਂਚ

ਨਵੀਂ ਦਿੱਲੀ: ਅਮਰੀਕੀ ਵਪਾਰ ਪ੍ਰਤੀਨਿਧ ਨੇ 11 ਮਾਰਚ ਨੂੰ ਭਾਰਤ ਅਤੇ ਚੀਨ ਸਮੇਤ 16 ਅਰਥਚਾਰਿਆਂ ਦੀਆਂ ਨੀਤੀਆਂ ਅਤੇ ਉਦਯੋਗਿਕ ਗਤੀਵਿਧੀਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਸੈਕਸ਼ਨ 301 ਦੇ ਤਹਿਤ ਵਪਾਰਕ ਜਾਂਚ ਦੇ ਇੱਕ ਨਵੇਂ ਦੌਰ ਦੀ ਸ਼ੁਰੂਆਤ ਕੀਤੀ ਹੈ। ਟਰੰਪ ਪ੍ਰਸ਼ਾਸਨ ਦੇ ਵਿਆਪਕ ਟੈਰਿਫਾਂ ਨੂੰ ਰੱਦ ਕਰਨ ਦੇ ਅਮਰੀਕੀ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਰਾਸ਼ਟਰਪਤੀ ਡੋਨਾਲਡ ਟਰੰਪ ਨੇ 24 ਫਰਵਰੀ ਤੋਂ 150 ਦਿਨਾਂ ਲਈ ਸਾਰੇ ਦੇਸ਼ਾਂ 'ਤੇ 10 ਫੀਸਦੀ ਟੈਰਿਫ ਲਗਾਉਣ ਦਾ ਐਲਾਨ ਕੀਤਾ ਸੀ। ਅਮਰੀਕੀ ਵਪਾਰ ਪ੍ਰਤੀਨਿਧ ਨੇ ਐਲਾਨ ਕੀਤਾ ਹੈ ਕਿ ਉਸ ਨੇ ਭਾਰਤ, ਚੀਨ, ਜਾਪਾਨ ਅਤੇ ਯੂਰਪੀਅਨ ਯੂਨੀਅਨ ਸਮੇਤ ਆਪਣੇ ਵਪਾਰਕ ਭਾਈਵਾਲਾਂ ਵਿਰੁੱਧ ਜਾਂਚ ਸ਼ੁਰੂ ਕੀਤੀ ਹੈ ਤਾਂ ਜੋ ਅਮਰੀਕਾ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਗੈਰ-ਵਾਜਬ ਵਿਦੇਸ਼ੀ ਕਾਰਵਾਈਆਂ ਦੀ ਪਛਾਣ ਕੀਤੀ ਜਾ ਸਕੇ ਅਤੇ ਉਨ੍ਹਾਂ ਨੂੰ ਹੱਲ ਕੀਤਾ ਜਾ ਸਕੇ। 16 ਦੇਸ਼ਾਂ ਦੀਆਂ ਨੀਤੀਆਂ ਅਤੇ ਉਦਯੋਗਿਕ ਗਤੀਵਿਧੀਆਂ ਦੀ ਜਾਂਚ ਕੀਤੀ ਜਾਵੇਗੀ। ਇਸ ਜਾਂਚ ਵਿੱਚ ਸਟੀਲ, ਐਲੂਮੀਨੀਅਮ, ਆਟੋਮੋਬਾਈਲ, ਬੈਟਰੀਆਂ, ਇਲੈਕਟਰੋਨਿਕਸ, ਕੈਮੀਕਲ, ਮਸ਼ੀਨਰੀ, ਸੈਮੀਕੰਡਕਟਰ ਅਤੇ ਸੋਲਰ ਮੋਡਿਊਲ ਵਰਗੇ ਖੇਤਰ ਸ਼ਾਮਲ ਹਨ। ਇਸ ਵਿੱਚ 15 ਦੇਸ਼ ਅਤੇ 27 ਦੇਸ਼ਾਂ ਦਾ ਯੂਰਪੀ ਸੰਘ ਬਲਾਕ ਸ਼ਾਮਲ ਹੈ। ਦੇਸ਼ਾਂ ਵਿੱਚ ਚੀਨ, ਸਿੰਗਾਪੁਰ, ਸਵਿਟਜ਼ਰਲੈਂਡ, ਨਾਰਵੇ, ਇੰਡੋਨੇਸ਼ੀਆ, ਮਲੇਸ਼ੀਆ, ਕੰਬੋਡੀਆ, ਥਾਈਲੈਂਡ, ਦੱਖਣੀ ਕੋਰੀਆ, ਵੀਅਤਨਾਮ, ਤਾਈਵਾਨ, ਬੰਗਲਾਦੇਸ਼, ਮੈਕਸੀਕੋ, ਜਾਪਾਨ ਅਤੇ ਭਾਰਤ ਸ਼ਾਮਲ ਹਨ।

# ਅਮਰੀਕਾ ਵਿੱਚ ਰਿਹਾਨਾ ਦੇ ਘਰ ਉੱਤੇ ਹੋਈ ਗੋਲੀਬਾਰ



ਅਮਰੀਕਾ: ਅਮਰੀਕਾ ਦੇ ਲਾਸ ਏਂਜਲਸ ਦੇ ਬੇਵਰਲੀ ਹਿਲਜ਼ ਵਿੱਚ ਮਸ਼ਹੂਰ ਗਾਇਕਾ ਰਿਹਾਨਾ ਦੇ ਘਰ ਤੇ ਗੋਲੀਆਂ ਚਲਾਈਆਂ ਗਈਆਂ। ਪੁਲਿਸ ਨੇ ਐਤਵਾਰ ਨੂੰ ਇਸ ਘਟਨਾ ਦੇ ਸਬੰਧ ਵਿੱਚ ਇੱਕ 30 ਸਾਲਾ ਔਰਤ ਨੂੰ ਹਿਰਾਸਤ ਵਿੱਚ ਲਿਆ। ਦੋਸ਼ ਹੈ ਕਿ ਔਰਤ ਨੇ ਰਿਹਾਨਾ ਦੇ ਘਰ ਤੇ ਕਈ ਗੋਲੀਆਂ ਚਲਾਈਆਂ। ਜਦੋਂ ਹਮਲਾ ਹੋਇਆ ਤਾਂ ਰਿਹਾਨਾ ਆਪਣੇ ਘਰ ਦੇ ਅੰਦਰ ਸੀ। ਗੋਲੀਬਾਰੀ 8 ਮਾਰਚ ਦੀ ਦੁਪਹਿਰ ਨੂੰ ਹੋਈ। ਰਿਪੋਰਟ ਨੇ ਪੁਲਿਸ ਦੇ ਹਵਾਲੇ ਨਾਲ ਕਿਹਾ ਕਿ ਪੁਲਿਸ ਗੋਲੀਬਾਰੀ ਦੀ ਸੂਚਨਾ ਮਿਲਦੇ ਹੀ ਤੁਰੰਤ ਮੌਕੇ ਤੇ ਪਹੁੰਚ ਗਈ।

# ਅਮਰੀਕਾ, ਕਨੇਡਾ ਅਤੇ ਪੰਜਾਬ ਤੋਂ ਜਥਾ ਗੁਰਧਾਮਾਂ ਦੇ ਦਰਸ਼ਨ ਕਰਦਾ ਹੋਇਆ ਤਖਤ ਸ਼੍ਰੀ ਹਰਿਮੰਦਰ ਪਟਨਾ ਸਾਹਿਬ ਵਿਖੇ ਪਹੁੰਚਿਆ



ਗੜ੍ਹਦੀਵਾਲਾ- ਅਮਰੀਕਾ ਕਨੇਡਾ ਅਤੇ ਪੰਜਾਬ ਤੋਂ ਜੱਥਾ ਗੁਰੂ ਧਾਮਾਂ ਦੇ ਦਰਸ਼ਨ ਕਰਦਾ ਹੋਇਆ ਤਖਤ ਸ਼੍ਰੀ ਹਰਿਮੰਦਰ ਪਟਨਾ ਸਾਹਿਬ ਵਿਖੇ ਪਹੁੰਚਾ ਅਤੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ। ਉਪਰੰਤ ਜਥਾ ਤਖਤ ਸ਼੍ਰੀ ਹਰਿਮੰਦਰ ਪਟਨਾ ਸਾਹਿਬ ਜੀ ਦੇ ਜਥੇਦਾਰ ਬਲਦੇਵ ਸਿੰਘ ਜੀ ਨੂੰ ਮਿਲਿਆ ਅਤੇ ਬੇਨਤੀ ਕੀਤੀ ਕਿ ਜਿਹੜੀਆਂ ਸੰਗਤਾਂ ਵਿਦੇਸ਼ ਤੋਂ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਨ ਆਉਂਦੀਆਂ ਹਨ ਉਹਨਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਜਾਣੂ ਕਰਵਾਇਆ ਅਤੇ ਜਥੇਦਾਰ ਸਾਹਿਬ ਨੇ ਕਿਹਾ ਕੇ ਸੰਗਤਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਅਗਰ ਸੰਗਤਾਂ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਸਿੱਧਾ ਸਾਡੇ ਨਾਲ ਰਾਬਤਾ ਕਾਇਮ ਕਰ ਸਕਦੇ ਹਨ। ਉਪਰੰਤ ਜਥੇ ਨੇ ਪਟਨਾ ਸਾਹਿਬ ਦੇ ਹੋਰ ਗੁਰੂ ਧਾਮਾਂ ਦੇ ਦਰਸ਼ਨ ਕੀਤੇ। ਇਹ ਜਥਾ ਸਰਦਾਰ ਦਵਿੰਦਰ ਸਿੰਘ ਸਹੋਤਾ ਯੂਐਸਏ ਦੀ ਅਗਵਾਈ ਵਿੱਚ ਗੁਰੂ ਧਾਮਾਂ ਦੇ ਦਰਸ਼ਨ ਕਰ ਰਿਹਾ ਹੈ। ਇਸ ਮੌਕੇ ਤਖਤ ਸ਼੍ਰੀ ਹਰਿਮੰਦਰ ਪਟਨਾ ਸਾਹਿਬ ਦੇ ਸੁਪਰਡੈਂਟ ਸ. ਦਲਜੀਤ ਸਿੰਘ ਅਤੇ ਮਨਜੀਤ ਸਿੰਘ ਔਲਖ ਯੂਐਸਏ,

ਹਰਪਾਲ ਸਿੰਘ ਟਿਵਾਣਾ ਕਨੇਡਾ, ਜਥੇਦਾਰ ਬਾਬਾ ਅਜਮੇਰ ਸਿੰਘ ਬਾਹਗਾ ਪ੍ਰਧਾਨ, ਸ. ਰਾਜਿੰਦਰ ਸਿੰਘ ਲਾਲੀ ਪ੍ਰਧਾਨ, ਇੰਸਪੈਕਟਰ ਰਣਜੀਤ ਸਿੰਘ ਬਾਹਗਾ ਯੂਐਸਏ, ਚੀਫ/ ਆਡੀਟਰ ਦੋਆਬਾ ਨਿਊਜ਼ ਲਾਈਵ ਮਹਿੰਦਰ ਕੁਮਾਰ ਮਲਹੋਤਰਾ, ਪ੍ਰਧਾਨ ਗੁਰਮੁਖ ਸਿੰਘ, ਨਰਿੰਦਰ ਸਿੰਘ ਲਾਡੀ, ਸੁਖਜੀਤ ਕੌਰ, ਭੁਪਿੰਦਰ ਕੌਰ ਸਹੋਤਾ, ਸੁਰਿੰਦਰ ਕੌਰ, ਚਰਨਜੀਤ ਕੌਰ, ਬਲਜੀਤ ਕੌਰ, ਸੁਨੀਤਾ ਦੇਵੀ, ਹਰਵਿੰਦਰ ਕੌਰ, ਸੁਰਿੰਦਰ ਕੌਰ ਆਦਿ ਹਾਜ਼ਰ ਸਨ।

ਪਿਛਲੇ 25 ਸਾਲ ਤੋਂ ਇੰਡੀਅਨ ਰੈਸਟੋਰੈਂਟ ਚਲਾ ਰਹੇ (India Bistro Roosevelt) ਨੇ ਸ਼ੁਰੂ ਕਰ ਦਿੱਤੀ ਹੈ

#1 Services On Your Special Events

SARDAR JI CATERING

SARDAR JI CATERING

Website:www.sardarjicatering.com



ਗੁਰਦੁਆਰਾ ਸਾਹਿਬ ਦੇ ਪ੍ਰੋਗਰਾਮਾਂ ਲਈ ਸੇਵਾਵਾਂ ਵੀ ਦਿੰਦੇ ਹਾਂ ਅਤੇ ਲੰਗਰ ਪੂਰੀ ਗੁਰ ਮਰਿਯਾਦਾ ਅਨੁਸਾਰ ਤਿਆਰ ਕੀਤਾ ਜਾਂਦਾ ਹੈ

- ਸ਼ਾਨਦਾਰ ਸਰਵਿਸ (ਤਜਰਬੇਕਾਰ ਅਤੇ ਟਰੇਨਡ ਕੁੱਕ)
- ਅਸੀਂ ਕੇਟਰਿੰਗ ਲਈ ਲਾਇਸੈਂਸਡ ਹਾਂ ਤੇ Hygenic Services ਦਿੰਦੇ ਹਾਂ
- ਪੰਜਾਬੀਆਂ ਦੇ ਜਾਇਕੇਦਾਰ ਲਾਜਵਾਬ ਸਵਾਦਲੇ ਖਾਣੇ ਬਣਾਉਂਦੇ ਹਾਂ
- ਕੇਟਰਿੰਗ ਤੋਂ ਇਲਾਵਾ ਕਰੌਕਰੀ ਅਤੇ ਵੇਟਰਾਂ ਦਾ ਪ੍ਰਬੰਧ ਕਰਦੇ ਹਾਂ
- LIVE FRESH ਕੁਕਿੰਗ
- Excellent Food Presentation
- ਤੁਹਾਡੇ ਬੱਜਟ ਤੇ ਸਵਾਦ ਮੁਤਾਬਕ ਕਸਟਮਮੇਡ Menus
- ਹਰ ਤਰ੍ਹਾਂ ਦੇ ਫੰਕਸ਼ਨ ਤੇ ਸੇਵਾਵਾਂ ਪ੍ਰਦਾਨ ਕਰਦੇ ਹਾਂ
- ਲਾਇਸੈਂਸਡ ਫੂਡ ਟਰੱਕ ਅਤੇ ਤੰਦੂਰ ਲਾਉਂਦੇ ਹਾਂ

Special Catering Service for 100-125 persons

*No matter the Event *Count on us * Available for all occasions

ਬੈਲਿੰਗਹਾਮ ਤੋਂ ਪੋਰਟਲੈਂਡ ਤੱਕ ਕੇਟਰਿੰਗ ਕਰਦੇ ਹਾਂ

For Catering Enquiries Contact: Off:206-517-4444, Cell:206-771-5079

6417 Roosevelt Way NE #105, Seattle WA 98115 Email:sardarjicatering@gmail.com

# ਵਿਆਹ ਸਮਾਗਮ ਵਿਚ ਹੋਈ ਗੋਲੀਬਾਰੀ ਵਿਚ ਫਾਰੂਕ ਅਬਦੁੱਲਾ ਵਾਲ-ਵਾਲ ਬਚੇ

ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਅਤੇ ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਫਾਰੂਕ ਅਬਦੁੱਲਾ ਤੇ ਬੁੱਧਵਾਰ ਰਾਤ ਨੂੰ ਇੱਕ ਬੰਦੇ ਵੱਲੋਂ ਫਾਇਰਿੰਗ ਕੀਤੀ ਗਈ। ਖੁਸ਼ਕਿਸਮਤੀ ਨਾਲ ਉਨ੍ਹਾਂ ਨੂੰ ਗੋਲੀ ਨਹੀਂ ਲੱਗੀ। ਅਧਿਕਾਰੀਆਂ ਮੁਤਾਬਕ ਫਾਰੂਕ ਜੰਮੂ ਵਿੱਚ ਇੱਕ ਵਿਆਹ ਸਮਾਰੋਹ ਵਿੱਚ ਸ਼ਾਮਲ ਹੋ ਰਹੇ ਸਨ। ਸੂਬੇ ਦੇ ਉਪ ਮੁੱਖ ਮੰਤਰੀ ਸੁਰਿੰਦਰ ਚੌਧਰੀ ਵੀ ਉਨ੍ਹਾਂ ਦੇ ਨਾਲ ਸਨ।ਘਟਨਾ ਦੀ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ। ਇਸ ਵਿੱਚ 70 ਸਾਲਾ ਹਮਲਾਵਰ ਕਮਲ ਸਿੰਘ ਜਾਮਵਾਲ ਨੂੰ ਪਿੱਛੇ ਤੋਂ ਆ ਕੇ ਫਾਰੂਕ ਦੇ ਸਿਰ ਤੇ ਰਿਵਾਲਵਰ ਤਾਣਦੇ ਦਿਖਾਈ ਦਿੱਤਾ। ਸੁਰੱਖਿਆ ਕਰਮਚਾਰੀਆਂ ਨੇ ਤੁਰੰਤ ਹਮਲਾਵਰ ਦਾ ਹੱਥ ਹਟਾ ਦਿੱਤਾ, ਜਿਸ ਨਾਲ ਫਾਇਰ ਹਵਾ ਵਿਚ ਹੋ ਗਿਆ। ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਹਮਲੇ ਦੇ ਉਦੇਸ਼ ਦੀ ਜਾਂਚ ਕੀਤੀ ਜਾ ਰਹੀ ਹੈ। ਹਮਲਾਵਰ ਨੇ ਪੁਲਿਸ ਨੂੰ ਦੱਸਿਆ, ਮੈਂ ਪਿਛਲੇ 20 ਸਾਲਾਂ ਤੋਂ ਫਾਰੂਕ ਅਬਦੁੱਲਾ ਨੂੰ ਮਾਰਨਾ ਚਾਹੁੰਦਾ ਸੀ। ਇਹੀ ਮੇਰਾ ਇੱਕੋ ਇੱਕ ਉਦੇਸ਼ ਸੀ।ਪੁਲਿਸ ਮੁਤਾਬਕ ਹਮਲਾਵਰ ਪਿਛਲੇ ਕਈ ਸਾਲਾਂ ਤੋਂ ਲਾਇਸੈਂਸਸ਼ੁਦਾ ਹਥਿਆਰ ਦੀ ਵਰਤੋਂ ਕਰ ਰਿਹਾ ਹੈ। ਫਾਰੂਕ ਅਬਦੁੱਲਾ, ਸੁਰਿੰਦਰ ਚੌਧਰੀ ਅਤੇ ਹੋਰ ਸੀਨੀਅਰ ਆਗੂ ਨੈਸ਼ਨਲ ਕਾਨਫਰੰਸ ਦੇ ਨੇਤਾ ਸੁਰਜੀਤ ਸਿੰਘ ਦੇ ਪੁੱਤਰ ਦੇ ਵਿਆਹ ਵਿੱਚ ਸ਼ਾਮਲ ਹੋ ਰਹੇ ਸਨ। ਹਮਲਾਵਰ ਸੁਰਜੀਤ ਸਿੰਘ ਦਾ ਚਚੇਰਾ ਭਰਾ ਹੈ। ਉਹ ਇੱਕ ਵਪਾਰੀ ਹੈ ਅਤੇ ਪੁਰਾਣੇ ਸ਼ਹਿਰ ਵਿੱਚ ਕਈ ਦੁਕਾਨਾਂ ਦਾ ਮਾਲਕ ਹੈ।ਫਾਰੂਕ ਦੇ ਪੁੱਤਰ ਅਤੇ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਲਿਖਿਆ ਕਿ ਇੱਕ ਆਦਮੀ ਬਹੁਤ ਹੀ ਨੇੜੇ ਤੋਂ ਇੱਕ ਲੋਡਿਡ ਪਿਸਤੌਲ ਲੈ ਕੇ ਆਇਆ ਅਤੇ ਗੋਲੀ ਚਲਾ ਦਿੱਤੀਆਂ।ਰੱਬ ਦਾ ਸ਼ੁਕਰ ਹੈ ਕਿ ਮੇਰੇ ਪਿਤਾ ਵਾਲ-ਵਾਲ ਬਚ ਗਏ।






# ਪ੍ਰਵਾਸੀਆਂ ਬਾਰੇ ਬੇਬਾਕੀ ਨਾਲ ਲਿਖਣ ਵਾਲੀ ਪੱਤਰਕਾਰ ਗ੍ਰਿਫਤਾਰ



ਸੈਕਰਾਮੈਂਟੋ- ਇੰਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ ਦੀਆਂ ਪ੍ਰਵਾਸੀਆਂ ਵਿਰੁੱਧ ਕਾਰਵਾਈਆਂ ਬਾਰੇ ਬੇਬਾਕੀ ਨਾਲ ਲਿਖਣ ਵਾਲੀ ਨੈਸ਼ਵਿਲੇ ਪੱਤਰਕਾਰ ਈਸਟਫੈਨੀ ਰੌਡਰਿਗਜ ਨੂੰ ਗ੍ਰਿਫਤਾਰ ਕਰ ਲੈਣ ਦੀ ਖਬਰ ਹੈ। ਉਸ ਦੇ ਪਤੀ ਅਲੇਜਾਂਡਰੋ ਮੈਡੀਨਾ ਨੇ ਦੱਸਿਆ ਕਿ ਜਦੋਂ ਉਨ੍ਹਾਂ ਦੀ ਕਾਰ ਨੂੰ ਟਰੱਕਾਂ ਦੁਆਰਾ ਘੇਰ ਲਿਆ ਗਿਆ, ਤਾਂ ਇਕ ਵਾਰ ਤਾਂ ਉਹ ਹੈਰਾਨ ਰਹਿ ਗਏ ਪਰ ਛੇਤੀ ਹੀ ਮੈਂ ਸਮਝ ਗਿਆ ਇਹ ਛਿਓ ਅਧਿਕਾਰੀ ਹਨ। ਉਹ ਮੇਰੀ ਪਤਨੀ ਨੂੰ ਗ੍ਰਿਫਤਾਰ ਕਰਕੇ ਲੈ ਗਏ। ਮੈਡੀਨਾ ਅਨੁਸਾਰ ਛਿਓ ਦੀ ਇਸ ਕਾਰਵਾਈ ਤੋਂ ਉਨ੍ਹਾਂ ਨੂੰ ਬਹੁਤ ਧੱਕਾ ਵੱਜਾ ਹੈ। ਉਸ ਨੇ ਕਿਹਾ ਕਿ ਵਕੀਲ ਨੇ ਰੌਡਰਿਗਜ ਦੀ ਰਿਹਾਈ ਲਈ ਪਟੀਸ਼ਨ ਦਾਇਰ ਕੀਤੀ ਹੈ। ਕੋਲੰਬੀਆ ਵਿਚ ਪੈਦਾ ਹੋਈ ਰੌਡਰਿਗਜ ਕਾਨੂੰਨੀ ਢੰਗ ਨਾਲ ਅਮਰੀਕਾ ਵਿਚ ਦਾਖਲ ਹੋਈ ਸੀ। ਉਹ ਸਪੈਨਿਸ਼ ਭਾਸ਼ਾ ਦੇ ਅਖਬਾਰ ਦੀ ਪੱਤਰਕਾਰ ਹੈ।








# ਅਮਰੀਕਾ ‘ਚ ਹੁਣ ਵਿਆਹ ਦੇ ਆਧਾਰ ‘ਤੇ ਪੁਰਾਣੇ ਡਿਪੋਰਟੇਸ਼ਨ ਆਰਡਰ ਨਹੀਂ ਹੋਣਗੇ ਰੱਦ

ਵਾਸ਼ਿੰਗਟਨ:ਅਮਰੀਕਾ ‘ਚ ਗੈਰ-ਕਾਨੂੰਨੀ ਤਰੀਕੇ ਨਾਲ ਰਹਿ ਰਹੇ ਪ੍ਰਵਾਸੀਆਂ ਲਈ ਇੱਕ ਬੇਹੱਦ ਅਹਿਮ ਅਤੇ ਚਿੰਤਾਜਨਕ ਖ਼ਬਰ ਸਾਹਮਣੇ ਆਈ ਹੈ।

‘ਬੋਰਡ ਆਫ ਇਮੀਗ੍ਰੇਸ਼ਨ ਅਪੀਲਜ਼’ (ਬੀ.ਆਈ.ਏ.) ਨੇ ਇੱਕ ਅਹਿਮ ਫੈਸਲਾ ਸੁਣਾਉਂਦੇ ਹੋਏ ਸਪੱਸ਼ਟ ਕਰ ਦਿੱਤਾ ਹੈ ਕਿ ਜੇਕਰ ਕਿਸੇ ਵਿਅਕਤੀ ਦੇ ਖਿਲਾਫ ਇੱਕ ਵਾਰ ਦੇਸ਼ ਨਿਕਾਲੇ ਦੇ ਹੁਕਮ ਜਾਰੀ ਹੋ ਚੁੱਕੇ ਹਨ, ਤਾਂ ਉਸ ਤੋਂ ਬਾਅਦ ਕਿਸੇ ਅਮਰੀਕੀ ਨਾਗਰਿਕ ਨਾਲ ਵਿਆਹ ਕਰਵਾਉਣਾ ਵੀ ਉਸ ਨੂੰ ਡਿਪੋਰਟ ਹੋਣ ਤੋਂ ਨਹੀਂ ਬਚਾ ਸਕੇਗਾ।ਅਦਾਲਤੀ ਫੈਸਲੇ ਅਨੁਸਾਰ, ਅਕਸਰ ਦੇਖਿਆ ਜਾਂਦਾ ਸੀ ਕਿ ਦੇਸ਼ ਨਿਕਾਲੇ ਦੇ ਹੁਕਮ ਹੋਣ ਤੋਂ ਬਾਅਦ ਕਈ ਪ੍ਰਵਾਸੀ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਅਮਰੀਕੀ ਨਾਗਰਿਕਾਂ ਨਾਲ ਵਿਆਹ ਕਰ ਲੈਂਦੇ ਸਨ ਅਤੇ ਫਿਰ ਉਸ ਆਧਾਰ ‘ਤੇ ਆਪਣੇ ਕੇਸ ਨੂੰ ਮੁੜ ਖੁੱਲ੍ਹਵਾਉਣ ਦੀ ਕੋਸ਼ਿਸ਼ ਕਰਦੇ ਸਨ। ਪਰ ਹੁਣ ਬੀ.ਆਈ.ਏ. ਨੇ ਇਸ ਰੁਝਾਨ ‘ਤੇ ਸਖ਼ਤੀ ਦਿਖਾਈ ਹੈ।ਬੋਰਡ ਨੇ ਆਪਣੇ ਫੈਸਲੇ ਵਿਚ ਕਿਹਾ ਹੈ ਕਿ ਸਿਰਫ ਵਿਆਹ ਦੇ ਆਧਾਰ ‘ਤੇ ਪੁਰਾਣੇ ਡਿਪੋਰਟੇਸ਼ਨ ਆਰਡਰ ਨੂੰ ਰੱਦ ਨਹੀਂ ਕੀਤਾ ਜਾ ਸਕਦਾ। ਅਦਾਲਤ ਮੁਤਾਬਕ, ਕਾਨੂੰਨ ਦੀਆਂ ਨਜ਼ਰਾਂ ਵਿਚ ਅਜਿਹੇ ਮਾਮਲਿਆਂ ਵਿਚ ਰਾਹਤ ਦੇਣੀ ਲਾਜ਼ਮੀ ਨਹੀਂ ਹੈ, ਖਾਸ ਕਰਕੇ ਉਦੋਂ ਜਦੋਂ ਵਿਅਕਤੀ ਪਹਿਲਾਂ ਹੀ ਦੇਸ਼ ਛੱਡਣ ਦੇ ਹੁਕਮਾਂ ਦੀ ਉਲੰਘਣਾ ਕਰ ਚੁੱਕਾ ਹੋਵੇ।

ਮਾਹਰਾਂ ਦਾ ਮੰਨਣਾ ਹੈ ਕਿ ਇਸ ਫੈਸਲੇ ਦਾ ਸਿੱਧਾ ਅਸਰ ਉਨ੍ਹਾਂ ਹਜ਼ਾਰਾਂ ਭਾਰਤੀਆਂ, ਖਾਸ ਕਰਕੇ ਪੰਜਾਬੀ ਨੌਜਵਾਨਾਂ ‘ਤੇ ਪੈ ਸਕਦਾ ਹੈ, ਜੋ ਅਮਰੀਕਾ ਵਿਚ ਪੱਕੇ ਹੋਣ ਲਈ ‘ਪੇਪਰ ਮੈਰਿਜ’ ਜਾਂ ਦੇਸ਼ ਨਿਕਾਲੇ ਦੇ ਹੁਕਮਾਂ ਤੋਂ ਬਾਅਦ ਵਿਆਹ ਦਾ ਸਹਾਰਾ ਲੈਂਦੇ ਹਨ। ਕਾਨੂੰਨੀ ਮਾਹਰਾਂ ਨੇ ਸਲਾਹ ਦਿੱਤੀ ਹੈ ਕਿ ਹੁਣ ਇਮੀਗ੍ਰੇਸ਼ਨ ਨਿਯਮਾਂ ਵਿਚ ਹੋਰ ਸਖ਼ਤੀ ਆਉਣ ਕਾਰਨ ਪ੍ਰਵਾਸੀਆਂ ਨੂੰ ਬਹੁਤ ਸਾਵਧਾਨ ਰਹਿਣ ਦੀ ਲੋੜ ਹੈ।ਇਸ ਫੈਸਲੇ ਨੇ ਉਨ੍ਹਾਂ ਲੋਕਾਂ ਲਈ ਰਾਹ ਮੁਸ਼ਕਲ ਕਰ ਦਿੱਤੇ ਹਨ, ਜੋ ਦੇਸ਼ ਨਿਕਾਲੇ ਦੀ ਤਲਵਾਰ ਲਟਕਣ ਤੋਂ ਬਾਅਦ ਵਿਆਹ ਨੂੰ ਇੱਕ ‘ਸੇਫਟੀ ਵਾਲਵ’ ਵਜੋਂ ਵਰਤਦੇ ਸਨ।

# ਪ੍ਰਵਾਸੀਆਂ ਨੂੰ ਦੇਸ਼ ਨਿਕਾਲੇ ਸੰਬੰਧੀ ਨਵੇਂ ਹੁਕਮ ਹੋਣਗੇ ਲਾਗੂ

ਵਾਸ਼ਿੰਗਟਨ:ਅਮਰੀਕਾ ਵਿਚ ਇੱਕ ਨਵਾਂ ਨਿਯਮ ਲਾਗੂ ਕੀਤਾ ਜਾ ਰਿਹਾ ਹੈ, ਜਿਸ ਦੇ ਤਹਿਤ ਜਿਨ੍ਹਾਂ ਪ੍ਰਵਾਸੀਆਂ ਨੂੰ ਦੇਸ਼ ਨਿਕਾਲੇ ਦੇ ਹੁਕਮ ਦਿੱਤੇ ਗਏ ਹਨ, ਉਨ੍ਹਾਂ ਕੋਲ ਅਦਾਲਤ ਵਿਚ ਅਪੀਲ ਕਰਨ ਲਈ ਹੁਣ ਸਿਰਫ਼ 10 ਦਿਨ ਦਾ ਸਮਾਂ ਹੋਵੇਗਾ। ਪਹਿਲਾਂ ਪ੍ਰਵਾਸੀਆਂ ਕੋਲ ਆਪਣਾ ਪੱਖ ਰੱਖਣ ਲਈ ਵਧੇਰੇ ਸਮਾਂ ਹੁੰਦਾ ਸੀ, ਪਰ ਹੁਣ ਉਨ੍ਹਾਂ ਨੂੰ ਆਪਣੇ ਡਿਪੋਰਟੇਸ਼ਨ ਆਰਡਰ ਦੇ ਖਿਲਾਫ ਅਪੀਲ ਦਰਜ ਕਰਨ ਲਈ ਸਿਰਫ਼ 10 ਦਿਨ ਦਿੱਤੇ ਜਾਣਗੇ। ਪ੍ਰਸ਼ਾਸਨ ਦਾ ਕਹਿਣਾ ਹੈ ਕਿ ਇਸ ਕਦਮ ਦਾ ਮਕਸਦ ਦੇਸ਼ ਨਿਕਾਲੇ ਦੀ ਪ੍ਰਕਿਰਿਆ ਨੂੰ ਤੇਜ਼ ਕਰਨਾ ਅਤੇ ਅਦਾਲਤੀ ਕੇਸਾਂ ਦੇ ਬੋਝ ਨੂੰ ਘਟਾਉਣਾ ਹੈ।

ਕਈ ਕਾਨੂੰਨੀ ਮਾਹਿਰਾਂ ਅਤੇ ਸੰਗਠਨਾਂ ਨੇ ਇਸ ਦਾ ਵਿਰੋਧ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ 10 ਦਿਨਾਂ ਦਾ ਸਮਾਂ ਇੱਕ ਵਕੀਲ ਲੱਭਣ, ਕਾਨੂੰਨੀ ਦਸਤਾਵੇਜ਼ ਤਿਆਰ ਕਰਨ ਅਤੇ ਸਬੂਤ ਇਕੱਠੇ ਕਰਨ ਲਈ ਬਹੁਤ ਘੱਟ ਹੈ। ਇਸ ਨਿਯਮ ਨਾਲ ਹਜ਼ਾਰਾਂ ਪ੍ਰਵਾਸੀ ਪ੍ਰਭਾਵਿਤ ਹੋ ਸਕਦੇ ਹਨ, ਖਾਸ ਕਰਕੇ ਉਹ ਲੋਕ ਜੋ ਅੰਗਰੇਜ਼ੀ ਭਾਸ਼ਾ ਨਹੀਂ ਜਾਣਦੇ ਜਾਂ ਜਿਨ੍ਹਾਂ ਕੋਲ ਮਹਿੰਗੇ ਵਕੀਲ ਕਰਨ ਲਈ ਪੈਸੇ ਨਹੀਂ ਹਨ।

# ਅਮਰੀਕਾ ‘ਚ ਛੋਟੇ ਕਾਰੋਬਾਰੀ ਕਰਜ਼ਿਆਂ ਬਾਰੇ ਨਿਯਮਾਂ ‘ਚ ਸਖਤੀ

ਵਾਸ਼ਿੰਗਟਨ- ਅਮਰੀਕਾ ਵਿਚ ਛੋਟੇ ਕਾਰੋਬਾਰਾਂ ਨੂੰ ਸਰਕਾਰ ਦੁਆਰਾ ਸਮਰਥਿਤ ਕਰਜ਼ਿਆਂ ਸੰਬੰਧੀ ਇੱਕ ਵੱਡਾ ਫੈਸਲਾ ਲਿਆ ਗਿਆ ਹੈ। ਯੂ.ਐੱਸ. ਸਮਾਲ ਬਿਜ਼ਨਸ ਐਡਮਿਨਿਸਟ੍ਰੇਸ਼ਨ (ਐੱਸ.ਬੀ.ਏ.) ਨੇ ਇੱਕ ਨਵੀਂ ਨੀਤੀ ਜਾਰੀ ਕੀਤੀ ਹੈ, ਜਿਸ ਵਿਚ ਵਿਦੇਸ਼ੀ ਨਾਗਰਿਕਾਂ ਅਤੇ ਗੈਰ-ਨਾਗਰਿਕਾਂ ਨੂੰ ਛੋਟੇ ਕਾਰੋਬਾਰਾਂ ਲਈ ਸੰਘੀ ਕਰਜ਼ਿਆਂ ਤੋਂ ਬਾਹਰ ਰੱਖਿਆ ਗਿਆ ਹੈ। ਪ੍ਰਸ਼ਾਸਨ ਦਾ ਕਹਿਣਾ ਹੈ ਕਿ ਪੂੰਜੀ ਦੀ ਵਧਦੀ ਮੰਗ ਦੇ ਵਿਚਕਾਰ, ਇਹ ਕਰਜ਼ੇ ਹੁਣ ਅਮਰੀਕੀ ਨਾਗਰਿਕ ਉੱਦਮੀਆਂ ਨੂੰ ਤਰਜੀਹ ਦੇਣਗੇ।

ਇਹ ਫੈਸਲਾ ਇਸ ਮਹੀਨੇ ਦੇ ਸ਼ੁਰੂ ਵਿਚ ਕੀਤੇ ਗਏ ਇੱਕ ਹੋਰ ਬਦਲਾਅ ‘ਤੇ ਆਧਾਰਿਤ ਹੈ। ਇਹ ਪਹਿਲਾਂ ਨਿਰਧਾਰਤ ਕੀਤਾ ਗਿਆ ਸੀ ਕਿ ਵਿਦੇਸ਼ੀ ਨਾਗਰਿਕਾਂ ਦੀ ਪੂਰੀ ਜਾਂ ਅੰਸ਼ਕ ਮਲਕੀਅਤ ਵਾਲੀਆਂ ਕੰਪਨੀਆਂ ਐੱਸ.ਬੀ.ਏ. ਦੇ ਪ੍ਰਮੁੱਖ 504 ਅਤੇ 7(ਏ) ਲੋਨ ਪ੍ਰੋਗਰਾਮਾਂ ਲਈ ਯੋਗ ਨਹੀਂ ਹੋਣਗੀਆਂ। ਇਸ ਨੀਤੀ ਨੂੰ ਹੁਣ ਹੋਰ ਸਖ਼ਤ ਕਰ ਦਿੱਤਾ ਗਿਆ ਹੈ ਅਤੇ ਏਜੰਸੀ ਦੇ ਹੋਰ ਗਰੰਟੀ ਪ੍ਰੋਗਰਾਮਾਂ, ਜਿਵੇਂ ਕਿ ਜ਼ਿਊਰਟੀ ਬਾਂਡ ਅਤੇ ਮਾਈਕ੍ਰੋਲੋਨ ਪ੍ਰੋਗਰਾਮਾਂ ਤੱਕ ਵਧਾਇਆ ਗਿਆ ਹੈ। ਨਵੀਂ ਨੀਤੀ ਦੇ ਅਨੁਸਾਰ, ਕਰਜ਼ੇ ਲਈ ਅਰਜ਼ੀ ਦੇਣ ਵਾਲਾ ਵਿਅਕਤੀ ਅਮਰੀਕੀ ਨਾਗਰਿਕ ਜਾਂ ਅਮਰੀਕੀ ਨਾਗਰਿਕ ਹੋਣਾ ਚਾਹੀਦਾ ਹੈ ਅਤੇ ਉਸਦਾ ਮੁੱਖ ਨਿਵਾਸ ਅਮਰੀਕਾ ਵਿਚ ਹੋਣਾ ਚਾਹੀਦਾ ਹੈ।

ਐੱਸ.ਬੀ.ਏ. ਪ੍ਰਸ਼ਾਸਕ ਕੈਲੀ ਲੋਫਲਰ ਨੇ ਕਿਹਾ ਕਿ ਟਰੰਪ ਪ੍ਰਸ਼ਾਸਨ ਅਮਰੀਕੀਆਂ ਲਈ ਆਰਥਿਕ ਵਿਕਾਸ ਅਤੇ ਨੌਕਰੀ ਦੇ ਮੌਕੇ ਵਧਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਐੱਸ.ਬੀ.ਏ. ਉਧਾਰ ਸੀਮਾਵਾਂ ਕਾਂਗਰਸ ਦੁਆਰਾ ਸਾਲਾਨਾ ਨਿਰਧਾਰਤ ਕੀਤੀਆਂ ਜਾਂਦੀਆਂ ਹਨ ਅਤੇ ਜਦੋਂ ਕਿ ਪੂੰਜੀ ਦੀ ਮੰਗ ਰਿਕਾਰਡ ਪੱਧਰ ‘ਤੇ ਹੈ, ਸੀਮਤ ਸਰੋਤਾਂ ਨੂੰ ਉਨ੍ਹਾਂ ਅਮਰੀਕੀ ਨਾਗਰਿਕਾਂ ਨੂੰ ਤਰਜੀਹ ਦੇਣੀ ਚਾਹੀਦੀ ਹੈ, ਜੋ ਦੇਸ਼ ਦੇ ਅੰਦਰ ਕਾਰੋਬਾਰ ਸ਼ੁਰੂ ਕਰ ਰਹੇ ਹਨ ਅਤੇ ਨੌਕਰੀਆਂ ਪੈਦਾ ਕਰ ਰਹੇ ਹਨ।

ਐੱਸ.ਬੀ.ਏ. ਦੇ ਅੰਕੜਿਆਂ ਦੇ ਅਨੁਸਾਰ, ਵਿੱਤੀ ਸਾਲ 2025 ‘ਚ, ਏਜੰਸੀ ਨੇ ਉਨ੍ਹਾਂ ਕਾਰੋਬਾਰਾਂ ਨੂੰ 3,358 ਕਰਜ਼ੇ ਮਨਜ਼ੂਰ ਕੀਤੇ ਜੋ ਅੰਸ਼ਕ ਤੌਰ ‘ਤੇ ਸਥਾਈ ਨਿਵਾਸੀਆਂ, ਜਾਂ ਗ੍ਰੀਨ ਕਾਰਡ ਧਾਰਕਾਂ ਦੀ ਮਲਕੀਅਤ ਸਨ। ਇਹ ਗਿਣਤੀ ਉਸ ਸਾਲ ਜਾਰੀ ਕੀਤੇ ਗਏ ਲਗਭਗ 85,000 ਕੁੱਲ ਕਰਜ਼ਿਆਂ ਦਾ ਲਗਭਗ ਚਾਰ ਪ੍ਰਤੀਸ਼ਤ ਸੀ। ਪਰ ਨਵੀਂ ਨੀਤੀ ਦੇ ਤਹਿਤ, ਗ੍ਰੀਨ ਕਾਰਡ ਧਾਰਕ ਵੀ ਹੁਣ ਐੱਸ.ਬੀ.ਏ.-ਸਮਰਥਿਤ ਕਰਜ਼ਿਆਂ ਵਾਲੇ ਕਾਰੋਬਾਰਾਂ ਵਿਚ ਕੋਈ ਹਿੱਸੇਦਾਰੀ ਨਹੀਂ ਰੱਖ ਸਕਣਗੇ।

ਨਵੇਂ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਕਿਸੇ ਵੀ ਛੋਟੇ ਕਾਰੋਬਾਰ ਲਈ ਅਰਜ਼ੀ ਦਿੰਦੇ ਸਮੇਂ, ਇਸਦੇ 100 ਪ੍ਰਤੀਸ਼ਤ ਮਾਲਕ ਅਮਰੀਕੀ ਨਾਗਰਿਕ ਜਾਂ ਅਮਰੀਕੀ ਨਾਗਰਿਕ ਹੋਣੇ ਚਾਹੀਦੇ ਹਨ ਅਤੇ ਉਨ੍ਹਾਂ ਦਾ ਮੁੱਖ ਨਿਵਾਸ ਅਮਰੀਕਾ ਜਾਂ ਇਸਦੇ ਪ੍ਰਦੇਸ਼ਾਂ ਵਿਚ ਹੋਣਾ ਚਾਹੀਦਾ ਹੈ। ਇਸ ਦੇ ਨਾਲ ਹੀ, ਪਹਿਲਾਂ ਵਾਲਾ ਨਿਯਮ ਵੀ ਹਟਾ ਦਿੱਤਾ ਗਿਆ ਹੈ, ਜਿਸ ਵਿਚ ਵਿਦੇਸ਼ੀ ਨਾਗਰਿਕ ਕਿਸੇ ਵੀ ਕਾਰੋਬਾਰ ਵਿਚ ਵੱਧ ਤੋਂ ਵੱਧ ਪੰਜ ਪ੍ਰਤੀਸ਼ਤ ਹਿੱਸਾ ਪਾ ਸਕਦੇ ਸਨ।

ਐੱਸ.ਬੀ.ਏ. ਨੇ ਕਰਜ਼ਾ ਪ੍ਰੋਗਰਾਮਾਂ ਲਈ ਨਾਗਰਿਕਤਾ ਜਾਂਚਾਂ ਨੂੰ ਵੀ ਸਖ਼ਤ ਕਰ ਦਿੱਤਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਨ੍ਹਾਂ ਤਬਦੀਲੀਆਂ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸਰਕਾਰੀ ਸਹਾਇਤਾ ਉਨ੍ਹਾਂ ਲੋਕਾਂ ਤੱਕ ਨਾ ਜਾਵੇ, ਜੋ ਯੋਗ ਨਹੀਂ ਹਨ। ਏਜੰਸੀ ਨੇ ਇਹ ਵੀ ਸੰਕੇਤ ਦਿੱਤਾ ਹੈ ਕਿ ਉਹ ”ਸੈਂਚੂਰੀ ਸ਼ਹਿਰਾਂ” ਵਜੋਂ ਜਾਣੇ ਜਾਂਦੇ ਸ਼ਹਿਰਾਂ ਤੋਂ ਆਪਣੇ ਕੁਝ ਫੀਲਡ ਦਫਤਰਾਂ ਨੂੰ ਹਟਾਉਣ ‘ਤੇ ਵਿਚਾਰ ਕਰ ਰਹੀ ਹੈ, ਜੋ ਯੂ.ਐੱਸ. ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ ਨਾਲ ਪੂਰੀ ਤਰ੍ਹਾਂ ਸਹਿਯੋਗ ਨਹੀਂ ਕਰਦੇ ਹਨ।

ਇਹ ਧਿਆਨਦੇਣ ਯੋਗ ਹੈ ਕਿ ਸਮਾਲ ਬਿਜ਼ਨਸ ਐਡਮਿਨਿਸਟ੍ਰੇਸ਼ਨ ਇੱਕ ਅਮਰੀਕੀ ਸਰਕਾਰੀ ਏਜੰਸੀ ਹੈ, ਜੋ ਛੋਟੇ ਕਾਰੋਬਾਰਾਂ ਨੂੰ ਕਰਜ਼ਾ ਗਰੰਟੀ, ਸਲਾਹ ਅਤੇ ਸਰਕਾਰੀ ਇਕਰਾਰਨਾਮੇ ਪ੍ਰਾਪਤ ਕਰਨ ਵਿਚ ਮਦਦ ਕਰਦੀ ਹੈ। ਇਸਦੇ ਪ੍ਰਮੁੱਖ 7(ਏ) ਅਤੇ 504 ਪ੍ਰੋਗਰਾਮ ਛੋਟੇ ਕਾਰੋਬਾਰਾਂ ਨੂੰ ਨਿੱਜੀ ਬੈਂਕਾਂ ਰਾਹੀਂ ਵਿੱਤੀ ਸਹਾਇਤਾ ਤੱਕ ਪਹੁੰਚ ਕਰਨ ਵਿਚ ਮਦਦ ਕਰਨ ਵਿਚ ਮੁੱਖ ਭੂਮਿਕਾ ਨਿਭਾਉਂਦੇ ਹਨ। ਨਵੀਂ ਨੀਤੀ ਨਿਯਮ ਦੇ ਅਧਿਕਾਰਤ ਤੌਰ ‘ਤੇ ਪ੍ਰਕਾਸ਼ਿਤ ਹੋਣ ਤੋਂ 30 ਦਿਨਾਂ ਬਾਅਦ ਲਾਗੂ ਹੋਵੇਗੀ।




ਲੇਡੀਜ਼ ਟੇਲਰਿੰਗ

*Simple Suit $40 *Lehnga $100

*Lining Suit $70 *Zipper $5 Extra

Shirt with Lining $60 Alteration Starts from $10

ਹਰ ਕਿਸਮ ਦੇ ਪੰਜਾਬੀ ਲੇਡੀਜ ਸੂਟ, ਬਲਾਊਜ, ਲਹਿੰਗਾ ਆਦਿ ਦੀ ਪ੍ਰੋਫੈਸ਼ਨਲ ਸਿਲਾਈ ਅਤੇ ਆਲਟਰੇਸ਼ਨ ਕਰਵਾਉਣ ਲਈ ਮਿਲੋ

604-799-8160

October end



Trusted Name in Real Estate

ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸਾਡੇ ਨਾਲ ਸੰਪਰਕ ਕਰੋ



GURBINDER DHALIWAL

REAL ESTATE BROKER

Cell:425-314-2111

Email:garyd@windermere.com

garydhaliwal.withwre.com

Windermere REAL ESTATE

801 State Ave, Marrysville, Wa 98270

HOUSE FOR SALE

12728 SE 287TH Place, Auburn, WA 98092





Nestled in a serene Cul-de-sac, this exquisite residence offers the perfect blend of comfort and sophistication. The heart of the home lies in its gourmet kitchen, where culinary dreams come to life amidst top-of-the-line appliances, sleek countertops, and ample storage. Step outside onto the covered deck, a true oasis that extends your living space. The ambiance is elevated by a cozy fireplace, providing warm and inviting atmosphere for year-round outdoor enjoyment. Venture downstairs to discover a meticulously finished basement, featuring a private one-bedroom suite and a stylishly appointed bathroom. This versatile space offers endless possibilities, whether used as a guest retreat, home office, or an entertainment hub.



MANDEEP SANGHA

REAL ESTATE BROKER

Cell:425-210-8985

Email:m.sangha@windermere.com

m.sangha.withwre.com

ਅਸੀਂ ਮੁਫਤ ਨੋਟਰੀ ਸੇਵਾਵਾਂ ਦਿੰਦੇ ਹਾਂ

# ਪੰਜਾਬ 'ਚ ਧਰਤੀ ਹੇਠਲੇ ਪਾਣੀ ਬਾਰੇ ਨਵੀਂ ਰਿਪੋਰਟ ਕੀ ਦੱਸਦੀ ਹੈ?

ਰਾਜ ਸਭਾ ਵਿੱਚ ਪੇਸ਼ ਕੀਤੇ ਗਏ ਸੈਂਟਰਲ ਗਰਾਊਂਡ ਵਾਟਰ ਬੋਰਡ ਦੇ ਅੰਕੜਿਆਂ ਮੁਤਾਬਕ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਨੂੰ ਮਾਪਣ ਲਈ ਬਣੇ ਖੂਹਾਂ ਵਿਚੋਂ 57 ਫ਼ੀਸਦ ਵਿੱਚ ਪਾਣੀ ਦਾ ਪੱਧਰ ਵਧਿਆ ਹੈ ਜਦਕਿ 43 ਫ਼ੀਸਦ ਖੂਹਾਂ ਵਿੱਚ ਪਾਣੀ ਦਾ ਪੱਧਰ ਘਟਿਆ ਦਰਜ ਕੀਤਾ ਗਿਆ ਹੈ।ਸੋਮਵਾਰ ਨੂੰ ਰਾਜ ਸਭਾ ਵਿੱਚ ਇਹ ਜਾਣਕਾਰੀ ਜਲ ਸ਼ਕਤੀ ਮੰਤਰਾਲੇ ਦੇ ਰਾਜ ਮੰਤਰੀ ਰਾਜ ਭੂਸ਼ਣ ਚੌਧਰੀ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਪੁੱਛੇ ਇੱਕ ਸਵਾਲ ਦੇ ਜਵਾਬ ਵਿੱਚ ਸਾਂਝੀ ਕੀਤੀ।

ਜਵਾਬ ਵਿੱਚ ਰਾਜ ਮੰਤਰੀ ਨੇ ਕਿਹਾ ਕਿ ਲੰਬੇ ਸਮੇਂ ਦੌਰਾਨ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਆਉਣ ਵਾਲੇ ਉਤਾਰ-ਚੜਾਅ ਨੂੰ ਮਾਪਣ ਲਈ ਸੈਂਟਰਲ ਗਰਾਊਂਡ ਵਾਟਰ ਬੋਰਡ ਵੱਲੋਂ ਮਾਨਸੂਨ ਤੋਂ ਬਾਅਦ (2025), ਪੰਜਾਬ ਦੇ ਇਕੱਠੇ ਕੀਤੇ ਗਏ ਪਾਣੀ ਦੇ ਪੱਧਰ ਦੇ ਅੰਕੜਿਆਂ ਦੀ ਤੁਲਨਾ 2015-2024 ਦੇ ਮਾਨਸੂਨ ਦੇ ਦਹਾਕੇ ਨਾਲ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਇਸ ਤੋਂ ਪਤਾ ਲੱਗਦਾ ਹੈ ਕਿ ਨਿਗਰਾਨੀ ਹੇਠ ਖੂਹਾਂ ਵਿੱਚੋਂ ਲਗਭਗ 57 ਫ਼ੀਸਦੀ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਵਾਧਾ ਦਰਜ ਕੀਤਾ ਗਿਆ ਹੈ। ਇਹ ਵਾਧਾ ਜ਼ਿਆਦਾਤਰ 0 ਤੋਂ 2 ਮੀਟਰ ਤੱਕ ਹੈ।

ਇਸ ਦੇ ਨਾਲ ਹੀ ਲਗਭਗ 43 ਫ਼ੀਸਦੀ ਨਿਗਰਾਨੀ ਖੂਹਾਂ ਵਿੱਚ ਪਾਣੀ ਦੇ ਪੱਧਰ ਵਿੱਚ ਕਮੀ ਦਰਜ ਕੀਤੀ ਗਈ ਹੈ।

ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਵੱਲੋਂ ਪੁੱਛੇ ਗਏ ਸਵਾਲ ਕਿ 'ਕੀ ਸਰਕਾਰ ਨੂੰ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਦੇ ਤੇਜ਼ੀ ਨਾਲ ਘੱਟਣ ਬਾਰੇ ਜਾਣਕਾਰੀ ਹੈ?',

ਤਾਂ ਜਲ ਸ਼ਕਤੀ ਮੰਤਰਾਲੇ ਦੇ ਰਾਜ ਮੰਤਰੀ ਰਾਜ ਭੂਸ਼ਣ ਚੌਧਰੀ ਨੇ 2 ਫਰਵਰੀ ਨੂੰ ਇਸ ਦਾ ਲਿਖਤੀ ਜਵਾਬ ਦਿੱਤਾ ਸੀ।ਰਾਜ ਭੂਸ਼ਣ ਚੌਧਰੀ ਨੇ ਆਪਣੇ ਜਵਾਬ ਵਿੱਚ ਦੱਸਿਆ ਸੀ ਕਿ ਕੁੱਲ 185 ਖੂਹਾਂ ਵਿੱਚੋਂ 106 (57.03%) ਵਾਧੇ ਵਾਲੇ ਅਤੇ 78 (42.2%) ਘਾਟੇ ਵਾਲੇ ਦਰਜ ਕੀਤੇ ਗਏ ਹਨ।

ਸਰਕਾਰ ਦੇ ਜਵਾਬ ਮੁਤਾਬਕ ਫ਼ਾਜ਼ਿਲਕਾ ਜ਼ਿਲ੍ਹੇ ਦੇ 10 ਵਿੱਚੋਂ 10 ਖੂਹਾਂ ਦੇ ਪਾਣੀ ਦਾ ਪੱਧਰ ਵਧਿਆ, ਰੋਪੜ ਦੇ ਸੱਤਾਂ ਖੂਹਾਂ ਅਤੇ ਅੰਮ੍ਰਿਤਸਰ ਦੇ ਚਾਰਾਂ ਖੂਹਾਂ ਦਾ ਪੱਧਰ ਵਧਿਆ ਅਤੇ ਹੁਸ਼ਿਆਰਪੁਰ ਦੇ 19 ਵਿੱਚੋਂ 17 ਦਾ ਪੱਧਰ ਵਧਿਆ ਅਤੇ 2 ਦਾ ਘਟਿਆ ਹੈ।

ਦੂਜੇ ਪਾਸੇ ਸੰਗਰੂਰ ਦੇ ਚਾਰੇ ਖੂਹਾਂ, ਬਰਨਾਲਾ ਦੇ ਤਿੰਨਾਂ ਖੂਹਾਂ ਅਤੇ ਮਲੇਰਕੋਟਲਾ ਦੇ ਇੱਕੋ-ਇੱਕ ਖੂਹ ਦੇ ਪਾਣੀ ਦਾ ਪੱਧਰ ਘਟਿਆ ਹੋਇਆ ਦਰਜ ਕੀਤਾ ਗਿਆ।

ਇਸ ਤਰ੍ਹਾਂ ਬਠਿੰਡਾ ਦੇ 17 ਖੂਹਾਂ ਵਿੱਚੋਂ ਸਿਰਫ਼ 4 ਖੂਹਾਂ ਦਾ ਪੱਧਰ ਵਧਿਆ ਹੈ ਅਤੇ 13 ਖੂਹਾਂ ਦਾ ਪਾਣੀ ਹੇਠਾਂ ਗਿਆ ਹੈ। ਜਲੰਧਰ ਦੇ 9 ਖੂਹਾਂ ਵਿੱਚ 6 ਦਾ ਪੱਧਰ ਵਧਿਆ ਹੈ ਅਤੇ 3 ਦਾ ਘੱਟ ਦਰਜ ਕੀਤਾ ਗਿਆ।

ਲੁਧਿਆਣਾ ਦੇ 9 ਵਿੱਚੋਂ 1 ਦਾ ਪੱਧਰ ਵਧਿਆ ਅਤੇ 8 ਦਾ ਘਟਿਆ ਹੈ। ਪਠਾਨਕੋਟ ਦੇ 11 ਖੂਹਾਂ ਵਿੱਚੋਂ 7 ਦਾ ਪੱਧਰ ਵਧਿਆ, 3 ਦਾ ਘਟਿਆ ਅਤੇ 1 ਵਿੱਚ ਕੋਈ ਫਰਕ ਦਰਜ ਨਹੀਂ ਕੀਤਾ ਗਿਆ।

ਇਸ ਤਰ੍ਹਾਂ ਪਟਿਆਲਾ ਦੇ 12 ਖੂਹਾਂ ਵਿੱਚੋਂ 4 ਦਾ ਪੱਧਰ ਵਧਿਆ ਅਤੇ 8 ਦਾ ਘਟਿਆ ਪਾਇਆ ਗਿਆ।

ਬਲਬੀਰ ਸਿੰਘ ਸੀਚੇਵਾਲ ਦੇ ਸਵਾਲ ਦੇ ਜਵਾਬ ਵਿੱਚ ਜਲ ਸ਼ਕਤੀ ਮੰਤਰਾਲੇ ਦੇ ਰਾਜ ਮੰਤਰੀ ਰਾਜ ਭੂਸ਼ਣ ਚੌਧਰੀ ਨੇ ਕਿਹਾ ਕਿ ਦੇਸ਼ ਦੇ ਵੱਖ-ਵੱਖ ਇਲਾਕਿਆਂ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਆ ਰਹੀ ਕਮੀ ਕਈ ਕਾਰਨਾਂ ਕਰਕੇ ਹੋ ਰਹੀ ਹੈ।

ਇਨ੍ਹਾਂ ਵਿੱਚ ਪਾਣੀ ਦੀ ਅੱਤ ਦੀ ਖਪਤ (ਓਵਰ-ਐਕਸਟ੍ਰੈਕਸ਼ਨ), ਜੰਗਲਾਂ ਦੀ ਕਟਾਈ, ਸਿੰਚਾਈ ਦੇ ਤਰੀਕੇ ਠੀਕ ਨਾ ਹੋਣਾ ਅਤੇ ਇਲਾਕੇ ਦੇ ਅਨੁਸਾਰ ਭੂ-ਜਲ ਭੂਗੋਲਿਕ ਹਾਲਾਤ ਸ਼ਾਮਲ ਹਨ।

ਉਨ੍ਹਾਂ ਕਿਹਾ, "ਸਾਲਾਨਾ ਰੀਚਾਰਜ ਸਮਰੱਥਾ ਤੋਂ ਵੱਧ ਧਰਤੀ ਹੇਠਲੇ ਪਾਣੀ ਦੇ ਕੱਢੇ ਜਾਣ ਕਾਰਨ ਉੱਤਰ-ਪੱਛਮੀ ਰਾਜਾਂ, ਖ਼ਾਸ ਕਰਕੇ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੀ ਘਾਟ ਕਾਫੀ ਵਧੀ ਹੈ।"

ਚੌਧਰੀ ਨੇ ਕਿਹਾ, "ਹਾਲਾਂਕਿ ਧਰਤੀ ਹੇਠਲੇ ਪਾਣੀ ਦੀ ਭਰਪਾਈ ਮੀਂਹ, ਸਿੰਚਾਈ ਤੋਂ ਵਾਪਸੀ ਵਾਲੇ ਪਾਣੀ, ਨਹਿਰਾਂ ਦੇ ਰਿਸਾਅ ਅਤੇ ਸਤਹੀ ਜਲ ਸਰੋਤਾਂ ਰਾਹੀਂ ਹੋਣ ਵਾਲੀ ਰੀਚਾਰਜ ਆਦਿ ਨਾਲ ਹੁੰਦੀ ਰਹਿੰਦੀ ਹੈ।

ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਕਹਿਣਾ ਹੈ ਕਿ ਧਰਤੀ ਹੇਠਲੇ ਪਾਣੀ ਦੀ ਸਮੱਸਿਆ ਨੂੰ ਲੈ ਕੇ ਆਮ ਲੋਕਾਂ ਅਤੇ ਕਿਸਾਨਾਂ ਵਿੱਚ ਕਾਫ਼ੀ ਜਾਗਰੂਕਤਾ ਆਈ ਹੈ।

ਬਲਬੀਰ ਸਿੰਘ ਸੀਚੇਵਾਲ ਨੇ ਕਿਹਾ, "ਪਵਿੱਤਰ ਵੇਈਂ ਨਦੀਂ ਦੀ ਸਫਾਈ ਨਾਲ ਕੁਝ ਮੋੜ ਪਿਆ। ਵੇਈਂ ਦੇ ਚਾਲੂ ਹੋਣ ਨਾਲ ਇਲਾਕੇ ਵਿੱਚ ਧਰਤੀ ਹੇਠਲਾ ਪਾਣੀ ਜੋ ਹੇਠਾ ਜਾ ਰਿਹਾ ਸੀ, ਉਹ 2008 ਵਿੱਚ ਵੀ ਉੱਪਰ ਆਉਣ ਲੱਗਾ ਸੀ। ਹੁਣ ਬੇਈ ਦੇ ਦਰਿਆਵਾ ਵਿੱਚ ਨਿਰੰਤਰ ਚੱਲਣ ਨਾਲ ਸੁਲਤਾਨਪੁਰ ਲੋਧੀ ਵਾਲੇ ਇਲਾਕੇ ਵਿੱਚ ਕਾਫੀ ਫਰਕ ਪਿਆ ਹੈ।"

ਉਨ੍ਹਾਂ ਕਿਹਾ, "ਪਾਣੀ ਦੇ ਰੀਚਾਰਜ ਨੂੰ ਰੋਕਣ ਵਾਲੇ ਗੰਦੇ ਪਾਣੀ ਉੱਪਰ ਵੀ ਠੱਲ ਪਈ ਹੈ। ਲੋਕਾਂ ਵਿੱਚ ਜਾਗਰੂਕਤਾ ਕਾਰਨ ਪਿੰਡਾਂ ਵਿੱਚ ਛੱਪੜ ਗੰਦੇ ਪਾਣੀ ਤੋਂ ਰਹਿਤ ਹੋ ਰਹੇ ਹਨ, ਕੁਝ ਸਰਕਾਰੀ ਸਕੀਮਾਂ ਵੀ ਸ਼ੁਰੂ ਹੋਈਆਂ ਹਨ ਅਤੇ ਕਿਸਾਨਾਂ ਨੇ ਸਿੰਚਾਈ ਦੇ ਕੁਝ ਨਵੇਂ ਤਰੀਕੇ ਅਪਣਾਏ ਹਨ ਜਿਸ ਨਾਲ ਪਾਣੀ ਦੀ ਬਚਤ ਹੋ ਰਹੀ ਹੈ।"ਸੀਚੇਵਾਲ ਨੇ ਕਿਹਾ, "ਜਿੱਥੇ ਖੇਤਾਂ ਨੂੰ ਨਹਿਰੀ ਪਾਣੀ ਘੱਟ ਲੱਗਦਾ ਜਾਂ ਦਰਿਆ ਨਹੀਂ ਲੱਗਦੇ, ਉੱਥੇ ਪਾਣੀ ਹੇਠਾ ਜਾ ਰਿਹਾ ਹੈ।"

ਖੇਤਬਾੜੀ ਅਰਥ-ਸ਼ਾਸ਼ਤਰੀ ਰਣਜੀਤ ਸਿੰਘ ਘੁੰਮਣ ਕਹਿੰਦੇ ਹਨ ਕਿ ਪੰਜਾਬ ਵਿੱਚ ਹਾਲੇ ਵੀ ਝੋਨੇ ਦੀ ਫ਼ਸਲ ਦਾ ਰਕਬਾ ਉਨ੍ਹਾਂ ਹੀ ਹੈ ਜਿੰਨਾ ਪਿਛਲੇ ਸਾਲਾਂ ਵਿੱਚ ਸੀ ਅਤੇ ਸਰਕਾਰ ਵੱਲੋਂ ਵੀ ਕੋਈ ਖ਼ਾਸ ਯਤਨ ਨਹੀਂ ਕੀਤੀ ਗਏ ਜਿਸ ਕਾਰਨ ਧਰਤੀ ਹੇਠਲੇ ਪਾਣੀ ਦਾ ਪੱਧਰ ਵੱਧ ਜਾਂਦਾ।ਰਣਜੀਤ ਸਿੰਘ ਘੁੰਮਣ ਕਹਿੰਦੇ ਹਨ, "ਖੂਹਾਂ ਦਾ ਅਧਿਐਨ ਦਰਸਾਉਂਦਾ ਹੈ ਕਿ ਇਹ ਵਾਧਾ ਕੁਦਰਤੀ ਤਰੀਕੇ ਨਾਲ ਹੀ ਹੋਇਆ ਹੈ ਕਿਉਂਕਿ ਸਰਕਾਰੀ ਪੱਧਰ ਤੇ ਹੋਈ ਯਤਨ ਦਿਖਾਈ ਨਹੀਂ ਦਿੰਦੇ। ਸੂਬੇ ਵਿੱਚ ਝੋਨੇ ਹੇਠਲਾ ਰਕਬਾ ਘੱਟ ਨਹੀਂ ਰਿਹਾ ਅਤੇ ਫ਼ਸਲੀ ਵਿਭੰਨਤਾ ਨੂੰ ਆਪਣਾਇਆ ਨਹੀਂ ਜਾ ਰਿਹਾ।"

ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਬਿਆਨ ਆਪਣੇ ਬਿਆਨ ਵਿੱਚ ਕਿਹਾ ਸੀ ਕਿ ਇਹ ਧਿਆਨ ਦੇਣ ਯੋਗ ਹੈ ਕਿ ਇਨ੍ਹਾਂ ਖੂਹਾਂ ਦਾ ਸਰਵੇਖਣ 2025 ਦੇ ਮਾਨਸੂਨ ਤੋਂ ਬਾਅਦ ਕੀਤਾ ਗਿਆ ਸੀ ਜਦੋਂ ਪੰਜਾਬ ਨੇ ਆਪਣੇ ਆਧੁਨਿਕ ਇਤਿਹਾਸ ਵਿੱਚ ਸਭ ਤੋਂ ਵੱਡੇ ਹੜ੍ਹ ਦੇਖੇ ਹਨ।

ਸਾਹਨੀ ਨੇ ਕਿਹਾ, "ਇਹ ਬਹੁਤ ਦੁਖਦਾਈ ਗੱਲ ਹੈ ਕਿ ਧਰਤੀ ਹੇਠਲੇ ਪਾਣੀ 'ਤੇ ਇੰਨਾ ਵੱਡਾ ਦਬਾਅ ਹੋਣ ਦੇ ਸਪੱਸ਼ਟ ਸਬੂਤ ਹਨ ਪਰ ਰਾਜ ਸਰਕਾਰ ਵੱਲੋਂ ਵਾਰ-ਵਾਰ ਕੀਤੀਆਂ ਗਈਆਂ ਬੇਨਤੀਆਂ ਦੇ ਬਾਵਜੂਦ ਵੀ ਪੰਜਾਬ ਨੂੰ ਅਟਲ ਭੂਜਲ ਯੋਜਨਾ ਦੇ ਅਧੀਨ ਕਦੇ ਸ਼ਾਮਲ ਨਹੀਂ ਕੀਤਾ ਗਿਆ, ਜੋ ਪਾਣੀ ਦੀ ਕਮੀ ਵਾਲੇ ਖੇਤਰਾਂ ਲਈ ਇੱਕ ਮਹੱਤਵਪੂਰਨ ਪ੍ਰੋਗਰਾਮ ਸੀ।"

## ਗੁ. ਸਿੰਘ ਸਭਾ ਰੈਂਟਨ (ਸਿਆਟਲ) ਵਿਖੇ ਹੋਲਾ ਮਹੱਲਾ ਨੂੰ ਸਮਰਪਿਤ ਕਵੀ ਦਰਬਾਰ ਹੋਇਆ



ਗੁਰਦੁਆਰਾ ਸਿੰਘ ਸਭਾ ਰੈਂਟਨ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉੱਦਮ ਸਦਕਾ ਹੋਲਾ ਮਹੱਲਾ ਨੂੰ ਸਮਰਪਿਤ ਇਕ ਪ੍ਰਭਾਵਸ਼ਾਲੀ ਕਵੀ ਦਰਬਾਰ ਸਜਾਇਆ ਗਿਆ। ਇਸ ਸਮਾਗਮ ਨੂੰ ਸਾਧ ਸੰਗਤ ਵੱਲੋਂ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਸੁਣਿਆ ਗਿਆ। ਸੰਗਤ ਨੇ ਅਜਿਹੇ ਸਾਹਿਤਕ ਅਤੇ ਧਾਰਮਿਕ ਸਮਾਗਮਾਂ ਨੂੰ ਅੱਗੇ ਵੀ ਲਗਾਤਾਰ ਕਰਵਾਉਣ ਲਈ ਪ੍ਰਬੰਧਕਾਂ ਨੂੰ ਉਤਸ਼ਾਹਿਤ ਕੀਤਾ।

ਇਸ ਮੌਕੇ ਕਈ ਪ੍ਰਸਿੱਧ ਲੇਖਕਾਂ, ਕਵੀਆਂ ਅਤੇ ਬੁਲਾਰਿਆਂ ਨੇ ਆਪਣੇ ਗੀਤਾਂ, ਕਵਿਤਾਵਾਂ ਅਤੇ ਵਿਚਾਰਾਂ ਰਾਹੀਂ ਗੁਰੂ ਚਰਨਾਂ ਵਿੱਚ ਹਾਜ਼ਰੀ ਲਗਵਾਈ। ਹਾਜ਼ਰੀ ਲਗਵਾਉਣ ਵਾਲਿਆਂ ਵਿੱਚ ਗਿਆਨੀ ਦਰਸ਼ਨ ਸਿੰਘ ਜੀ (ਹੈੱਡ ਗ੍ਰੰਥੀ), ਸਾਧੂ ਸਿੰਘ ਝੱਜ, ਹਰਦਿਆਲ ਸਿੰਘ ਚੀਮਾ, ਅਮਰਜੀਤ ਸਿੰਘ ਤਰਸਿੱਕਾ, ਬਿਕਰਮਜੀਤ ਸਿੰਘ, ਸਿਮਰਨ ਸਿੰਘ (ਸਾਡਾ ਟੀਵੀ), ਗੁਰਪ੍ਰੀਤ ਸਿੰਘ ਸੋਹਲ, ਦਵਿੰਦਰ ਸਿੰਘ ਹੀਰਾ, ਭਾਈ ਕਰਿਆਮ ਸਿੰਘ, ਹਰਨਾਮ ਸਿੰਘ, ਜਸਵਿੰਦਰ ਸਿੰਘ ਅਤੇ ਅਵਤਾਰ ਸਿੰਘ ਆਦਮਪੁਰੀ ਸ਼ਾਮਲ ਸਨ।

ਇਸ ਦੌਰਾਨ ਗੁਰਪ੍ਰੀਤ ਸਿੰਘ ਸੋਹਲ ਵੱਲੋਂ ਪੰਜਾਬੀ ਲਿਖਾਰੀ ਸਭਾ ਸਿਆਟਲ ਰਜਿ. ਦੇ ਨਾਮ ਤੇ ਗੁਰਮਤਿ ਖਾਲਸਾ ਸਕੂਲ ਦੇ ਬੱਚਿਆਂ ਲਈ ਇਕ ਛੋਟਾ ਫ੍ਰੀਜ਼ਰ ਭੇਟ ਕੀਤਾ ਗਿਆ, ਤਾਂ ਜੋ ਬੱਚਿਆਂ ਦੇ ਸਨੈਕਸ ਆਦਿ ਉਸ ਵਿੱਚ ਸੰਭਾਲ ਕੇ ਰੱਖੇ ਜਾ ਸਕਣ।

ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਦਾ ਰਿਹਾ ਅਤੇ ਸੰਗਤ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਮਾਗਮ ਦੀ ਸ਼ੋਭਾ ਵਧਾਈ।


# 17 SECTOR

## Fashion & Fabrics

- ਨਵੇਂ ਜਨਮੇ ਬੱਚਿਆਂ (ਕੁੜੀਆਂ ਤੇ ਮੁੰਡੇ) ਦੇ ਕੱਪੜਿਆਂ ਦੀ ਸ਼ਿਪਮੈਂਟ ਪਹੁੰਚ ਚੁੱਕੀ ਹੈ। ਇਹਨਾਂ ਤੇ ਭਾਰੀ ਸੇਲ ਲੱਗੀ ਹੈ।
- ਗਰਮ ਕੋਟ ਪੈਂਟ ਦਾ ਕੱਪੜਾ ਵੀ ਆ ਚੁੱਕਾ ਹੈ
- ਮੈਨਜ਼ ਕੁਰਤੇ ਪਜਾਮੇ, ਜੈਕਟਾਂ ਤੇ ਭਾਰੀ ਸੇਲ
- ਲੇਡੀਜ਼ ਵਾਸਤੇ ਕਸਟਮ ਸਟਿਚਡ ਸੂਟ ਸੇਲ ਤੇ
- ਕੋਈ ਵੀ ਸਮਾਨ ਦੀ ਖਰੀਦਦਾਰੀ ਤੇ ਛੋਟੇ ਬੱਚਿਆਂ ਵਾਸਤੇ ਫਰੀ ਰੁਮਾਲ ਜਾਂ ਪਟਕੇ
- ਛੋਟੀਆਂ ਕੁੜੀਆਂ ਦੇ ਨਵੇਂ ਸਟਾਇਲ ਦੇ ਸੂਟ ਪਹੁੰਚ ਗਏ ਹਨ

Special Sale
ਸਪੈਸ਼ਲ ਸੇਲ
Mens Printed Vests
1 for $50 & 3 For $100
Unstiched ਲੇਡੀਜ ਸੂਟਾਂ ਤੇ ਭਾਰੀ ਸੇਲ

ਲੇਡੀਜ ਨਾਇਰਾ ਕੱਟ ਸੂਟ ਇਕ ਲਉ ਇਕ FREE

Mens & Boys ਕੁੜਤਾ ਪਜਾਮਾ 10% ਤੋਂ 30% Off Limited Stock

ਲਹਿੰਗੇ $75 ਤੋਂ ਸ਼ੁਰੂ

ਕੁੜੀਆਂ ਦੇ ਫੈਂਸੀ ਸੂਟਾਂ ਦੀ ਭਾਰੀ ਸ਼ਿਪਮੈਂਟ ਪਹੁੰਚ ਚੁੱਕੀ ਹੈ







ਅਸੀਂ ਹਰ ਤਰਾਂ ਦੇ ਕੱਪੜਿਆਂ ਦੀ ਸਿਲਾਈ ਅਤੇ ਆਲਟਰੇਸ਼ਨ ਕਰਦੇ ਹਾਂ

(We Have All Sizes From New Born To Size 56)
Large Discounts On Artificial Jewellery

#186-8138 128 St, Surrey, BC

Ph:604.594.1788

# AKAL TRAVEL

ਅਮਰੀਕਾ ਦੇ ਕਿਸੇ ਵੀ ਸ਼ਹਿਰ ਤੋਂ ਵਧੀਆ ਫਲਾਈਟਾਂ, ਵਧੀਆ ਸੇਵਾਵਾਂ ਅਤੇ ਘੱਟ ਕਿਰਾਏ ਲਈ ਸੰਪਰਕ ਕਰੋ






We Represent All Major Airline

We Will Beat Or Match Any Price

Seattle to Delhi : $785

We Issue The Ticket From India Also

Delhi Bombay Special
Ask For Detail

WE ALSO DO : * NOTARY * VISA * PASSPORT * TRANSLATION

PHONE : 253-852-1984, 253-852-1985

24 HOUR EMERGENCY SERVICE 206-370-9480

TOLL FREE : 1-800-828-8543

EMAIL : FLY@AKALTRAVEL.COM

HOURS : MON TO SAT 9AM TO 7PM AND SUN 1PMTO 6PM

# ਘਬਰਾਉਣ ਦੀ ਲੋੜ ਨਹੀਂ ਕਹਿਣ ਵਾਲਾ ਖ਼ੁਦ ਡਰਿਆ ਹੋਇਐ:ਰਾਹੁਲ

ਨਵੀਂ ਦਿੱਲੀ : ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਵੀਰਵਾਰ ਨੂੰ ਐੱਲ ਪੀ ਜੀ ਦੀ ਘਾਟ ਦੀ ਰਿਪੋਰਟ ’ਤੇ ਚਿੰਤਾਵਾਂ ਦੇ ਵਿਚਕਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ’ਤੇ ਹਮਲਾ ਬੋਲਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਲੋਕਾਂ ਨੂੰ ਕਹਿ ਰਹੇ ਹਨ ਕਿ ਘਬਰਾਉਣ ਦੀ ਲੋੜ ਨਹੀਂ, ਆਪ ਉਹ ਡਰੇ ਹੋਏ ਹਨ। ਗਾਂਧੀ ਨੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਐਪਸਟਾਈਨ ਫਾਈਲਾਂ ਦੇ ਮੁੱਦੇ ਅਤੇ ਅਮਰੀਕਾ ’ਚ ਅਡਾਨੀ ਕੇਸ ਕਾਰਨ ਵੀ ਘਬਰਾਏ ਹੋਏ ਹਨ। ਉਨ੍ਹਾ ਇਹ ਟਿੱਪਣੀਆਂ ਉਦੋਂ ਕੀਤੀਆਂ, ਜਦੋਂ ਕਈ ਵਿਰੋਧੀ ਸੰਸਦ ਮੈਂਬਰਾਂ, ਜਿਨ੍ਹਾਂ ’ਚ ਉਹ ਅਤੇ ਪ੍ਰਿਯੰਕਾ ਗਾਂਧੀ ਵਾਡਰਾ ਸ਼ਾਮਲ ਸਨ, ਨੇ ਸੰਸਦ ਭਵਨ ਕੰਪਲੈਕਸ ’ਚ ਵਪਾਰਕ ਐੱਲ ਪੀ ਜੀ ਸਿਲੰਡਰਾਂ ਦੀ ਘਾਟ ਨੂੰ ਲੈ ਕੇ ਸਰਕਾਰ ਤੋਂ ਜਵਾਬ ਮੰਗਣ ਲਈ ਵਿਰੋਧ ਪ੍ਰਦਰਸ਼ਨ ਕੀਤਾ।

ਵਿਰੋਧ ਪ੍ਰਦਰਸ਼ਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗਾਂਧੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਕਹਿ ਰਹੇ ਹਨ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਪਰ ਪ੍ਰਧਾਨ ਮੰਤਰੀ ਖੁਦ ਬਿਲਕੁਲ ਵੱਖਰੇ ਕਾਰਨਾਂ ਕਰਕੇ ਘਬਰਾਉਂਦੇ ਹਨ। ਉਹ ਐਪਸਟਾਈਨ ਕਾਰਨ ਘਬਰਾਉਂਦੇ ਹਨ, ਉਹ ਅਡਾਨੀ ਕੇਸ ਕਾਰਨ ਘਬਰਾਉਂਦੇ ਹਨ, ਉਹ ਸਦਨ ਦੇ ਅੰਦਰ ਨਹੀਂ ਆ ਸਕਦੇ। ਪ੍ਰਧਾਨ ਮੰਤਰੀ ਮੋਦੀ ਨੇ ਬੁੱਧਵਾਰ ਨੂੰ ਲੋਕਾਂ ਨੂੰ ਨਾ ਘਬਰਾਉਣ ਦੀ ਅਪੀਲ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਜਨਤਕ ਹਿੱਤਾਂ ਦੀ ਰੱਖਿਆ ਕੀਤੀ ਜਾਵੇਗੀ। ਉਨ੍ਹਾ ਐਲ ਪੀ ਜੀ ਸੰਕਟ ਨਾਲ ਨਜਿੱਠਣ ਵਿਚ ਵਿਸ਼ਵਾਸ ਪ੍ਰਗਟ ਕੀਤਾ, ਜਿੱਥੇ ਵਪਾਰਕ ਐੱਲ ਪੀ ਜੀ ਦੀ ਘੱਟ ਸਪਲਾਈ ਨੇ ਦੇਸ਼ ਦੇ ਹੋਟਲ ਸੈਕਟਰ ਨੂੰ ਅਪਾਹਜ ਕਰ ਦਿੱਤਾ ਹੈ।

ਜਹਾਜ਼ਾਂ ਦੀ ਆਵਾਜਾਈ ਅਤੇ ਊਰਜਾ ਬੁਨਿਆਦੀ ਢਾਂਚੇ ’ਤੇ ਈਰਾਨ ਦੇ ਨਿਰੰਤਰ ਹਮਲਿਆਂ ਨੇ ਵੀਰਵਾਰ ਨੂੰ ਤੇਲ ਦੀ ਕੀਮਤ 100 ਅਮਰੀਕੀ ਡਾਲਰ ਪ੍ਰਤੀ ਬੈਰਲ ਤੋਂ ਉੱਪਰ ਪਹੁੰਚਾ ਦਿੱਤੀ ਹੈ । ਵੀਰਵਾਰ ਵੀ ਅਮਰੀਕਾ ਅਤੇ ਇਜ਼ਰਾਈਲ ਨੇ ਇਸਲਾਮੀ ਗਣਰਾਜ (ਈਰਾਨ) ’ਤੇ ਬੰਬਾਰੀ ਕੀਤੀ ਅਤੇ ਯੁੱਧ ਦੇ ਖਤਮ ਹੋਣ ਦਾ ਕੋਈ ਸੰਕੇਤ ਨਜ਼ਰ ਨਹੀਂ ਆ ਰਿਹਾ।

ਈਰਾਨ ਨੇ ਦੁਬਈ ਦੇ ਤੱਟ ’ਤੇ ਇੱਕ ਕੰਟੇਨਰ ਜਹਾਜ਼ ਨੂੰ ਨਿਸ਼ਾਨਾ ਬਣਾਇਆ, ਬਹਿਰੀਨ ਦੇ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਅੱਗ ਲਗਾਈ, ਇੱਕ ਡਰੋਨ ਹਮਲੇ ਨਾਲ ਸਾਊਦੀ ਅਰਬ ਦੇ ਇੱਕ ਵੱਡੇ ਤੇਲ ਖੇਤਰ ਨੂੰ ਨਿਸ਼ਾਨਾ ਬਣਾਇਆ ਅਤੇ ਫਾਰਸ ਦੀ ਖਾੜੀ ਵਿੱਚ ਬਸਰਾ ਬੰਦਰਗਾਹ ’ਤੇ ਹਮਲੇ ਤੋਂ ਬਾਅਦ ਇਰਾਕ ਨੂੰ ਦੇਸ਼ ਦੇ ਸਾਰੇ ਤੇਲ ਟਰਮੀਨਲਾਂ ’ਤੇ ਕੰਮ ਰੋਕਣ ਲਈ ਮਜਬੂਰ ਕਰ ਦਿੱਤਾ। ਈਰਾਨ ਨੇ ਆਪਣੇ ਖਾੜੀ ਗੁਆਂਢੀਆਂ ’ਤੇ ਹਮਲੇ ਰੋਕਣ ਦੀ ਮੰਗ ਕਰਨ ਵਾਲੇ ਪਿਛਲੇ ਦਿਨ ਦੇ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਦੇ ਮਤੇ ਦੀ ਪਰਵਾਹ ਨਹੀਂ ਕੀਤੀ ਅਤੇ ਕੁਵੈਤ ਤੇ ਸੰਯੁਕਤ ਅਰਬ ਅਮੀਰਾਤ ਵਿੱਚ ਵੀ ਨਵੇਂ ਹਮਲਿਆਂ ਦੀ ਖਬਰ ਮਿਲੀ ਹੈ।

ਈਰਾਨ ਦੇ ਹਮਲੇ ਕਾਰਨ ਯੇਰੂਸ਼ਲਮ ਵਿੱਚ ਸਵੇਰ ਹੋਣ ਤੋਂ ਪਹਿਲਾਂ ਹੀ ਸਾਈਰਨ ਵੱਜਣ ਲੱਗੇ। ਇਜ਼ਰਾਈਲ ਨੇ ਕਿਹਾ ਕਿ ਉਹ ਈਰਾਨ ਤੋਂ ਦਾਗੀਆਂ ਗਈਆਂ ਮਿਜ਼ਾਈਲਾਂ ਨੂੰ ਰੋਕਣ ਲਈ ਕੰਮ ਕਰ ਰਿਹਾ ਹੈ। ਇਜ਼ਰਾਈਲ ਨੇ ਇਹ ਵੀ ਐਲਾਨ ਕੀਤਾ ਕਿ ਉਸ ਨੇ ਤਹਿਰਾਨ ’ਤੇ ਵੱਡੇ ਪੱਧਰ ’ਤੇ ਹਮਲਿਆਂ ਦੀ ਲਹਿਰ ਸ਼ੁਰੂ ਕਰ ਦਿੱਤੀ ਹੈ। ਲਿਬਨਾਨ ਵਿੱਚ ਸਵੇਰ ਵੇਲੇ ਹੋਏ ਦੋ ਹਮਲਿਆਂ ਵਿੱਚ 11 ਲੋਕ ਮਾਰੇ ਗਏ।






## ਅਮਰੀਕਾ ਵੱਲੋਂ ਦੱਖਣੀ ਕੋਰੀਆ ਨਾਲ ਮਿਲ ਕੇ ਫੌਜੀ ਮਸ਼ਕਾਂ ਸ਼ੁਰੂ

ਸਿਓਲ- ਮੱਧ ਪੂਰਬ ਵਿਚ ਜਾਰੀ ਟਕਰਾਅ ਦਰਮਿਆਨ ਅਮਰੀਕਾ ਨੇ ਦੱਖਣੀ ਕੋਰੀਆ ਨਾਲ ਮਿਲ ਕੇ ਵੱਡੀ ਫੌਜੀ ਮਸ਼ਕਾਂ ਸ਼ੁਰੂ ਕੀਤੀਆਂ ਹਨ। ਮਸ਼ਕਾਂ ਵਿਚ ਦੋਵਾਂ ਮੁਲਕਾਂ ਦੇ ਹਜ਼ਾਰਾਂ ਫੌਜੀ ਸ਼ਾਮਲ ਹਨ। ਦੱਖਣੀ ਕੋਰੀਆ ਦੇ ਜੁਆਇੰਟ ਚੀਫ਼ ਆਫ ਸਟਾਫ ਨੇ ਕਿਹਾ ਕਿ 19 ਮਾਰਚ ਤੱਕ ਚੱਲਣ ਵਾਲੀ ‘ਫ੍ਰੀਡਮ ਸ਼ੀਲਡ’ ਵਿਚ 18,000 ਕੋਰਿਆਈ ਫੌਜੀ ਹਿੱਸਾ ਲੈ ਰਹੇ ਹਨ। ਅਮਰੀਕੀ ਫੌਜੀਆਂ ਦੀ ਗਿਣਤੀ ਬਾਰੇ ਹਾਲ ਦੀ ਘੜੀ ਕੋਈ ਜਾਣਕਾਰੀ ਨਹੀਂ ਹੈ।ਦੋਵੇਂ ਮੁਲਕ ਅਜਿਹੇ ਮੌਕੇ ਸਾਂਝੀ ਮਸ਼ਕ ਕਰਨ ਲੱਗੇ ਹਨ, ਜਦੋਂ ਦੱਖਣੀ ਕੋਰੀਆ ਦੇ ਮੀਡੀਆ ‘ਚ ਚੁੰਝ ਚਰਚਾ ਹੈ ਕਿ ਵਾਸ਼ਿੰਗਟਨ ਵੱਲੋਂ ਇਰਾਨ ਖਿਲਾਫ਼ ਜੰਗ ਦੀ ਹਮਾਇਤ ਲਈ ਦੱਖਣੀ ਕੋਰੀਆ ਤੋਂ ਆਪਣੇ ਕੁਝ ਸਲਾਮਤੀ ਦਸਤਿਆਂ ਨੂੰ ਹਟਾਇਆ ਜਾ ਰਿਹਾ ਹੈ। ਯੂ.ਐੱਸ. ਫੋਰਸਿਜ਼ ਕੋਰੀਆ ਨੇ ਪਿਛਲੇ ਹਫ਼ਤੇ ਕਿਹਾ ਸੀ ਕਿ ਉਹ ਸੁਰੱਖਿਆ ਕਾਰਨਾਂ ਕਰ ਕੇ ਆਪਣੇ ਫੌਜੀ ਅਸਾਸਿਆਂ ਦੀ ਆਮਦੋਰਫ਼ਤ ਬਾਰੇ ਕੋਈ ਟਿੱਪਣੀ ਨਹੀਂ ਕਰੇਗਾ। ਦੱਖਣੀ ਕੋਰਿਆਈ ਅਧਿਕਾਰੀਆਂ ਨੇ ਕੁਝ ਅਮਰੀਕੀ ਪੈਟ੍ਰੀਅਟ ਐਂਟੀ-ਮਿਜ਼ਾਈਲ ਸਿਸਟਮ ਅਤੇ ਹੋਰ ਉਪਕਰਣਾਂ ਨੂੰ ਮੱਧ ਪੂਰਬ ਵਿਚ ਲਿਜਾਣ ਦੀਆਂ ਰਿਪੋਰਟਾਂ ‘ਤੇ ਟਿੱਪਣੀ ਕਰਨ ਤੋਂ ਵੀ ਇਨਕਾਰ ਕਰ ਦਿੱਤਾ। ਉੱਧਰ ਰਾਜਧਾਨੀ ਸਿਓਲ ਵਿਚ ਇਨ੍ਹਾਂ ਮਸ਼ਕਾਂ ਦੇ ਵਿਰੋਧ ਵਿਚ ਲੋਕ ਸੜਕਾਂ ‘ਤੇ ਆ ਗਏ। ਉਨ੍ਹਾਂ ਨੇ ਹੱਥਾਂ ਵਿਚ ਤਖ਼ਤੀਆਂ ਫੜੀਆਂ ਹੋਈਆਂ ਸਨ। ਉਨ੍ਹਾਂ ਨੇ ਇਨ੍ਹਾਂ ਮਸ਼ਕਾਂ ਦੇ ਵਿਰੋਧ ਵਿਚ ਅਮਰੀਕੀ ਦੂਤਾਵਾਸ ਦੇ ਅੱਗੇ ਪ੍ਰਦਰਸ਼ਨ ਤੇ ਨਾਅਰੇਬਾਜ਼ੀ ਕੀਤੀ।


ਗੁਰੂ ਨਾਨਕ ਗੁਰਸਿੱਖ ਗੁਰਦੁਆਰਾ

ਲਿੰਡਨ (ਬੈਲਿੰਗਹੈਮ), WA (ਯੂ.ਐਸ.ਏ) (USA)

176 E Pole Road / 6934 Meridian St Lynden, WA. 98264 (Bellingham)



13 ਮਾਰਚ ਦਿਨ ਸ਼ੁੱਕਰਵਾਰ ਨੂੰ ਸਮੂਹ ਟਰੱਕਾਂ ਵਾਲੇ ਵੀਰਾਂ ਵੱਲੋਂ ਹੋਲੇ ਮਹੱਲੇ ਦੇ ਸਬੰਧ ਵਿਚ ਅਖੰਡਪਾਠ ਸਾਹਿਬ ਆਰੰਭ ਹੋਣਗੇ ਅਤੇ ਭੋਗ 15 ਮਾਰਚ ਦਿਨ ਐਤਵਾਰ ਨੂੰ ਪਾਏ ਜਾਣਗੇ।ਉਪਰੰਤ ਦੀਵਾਨ ਸਜਣਗੇ।

ਮੁੱਖ ਸੇਵਾਦਾਰ:ਪਰਮਜੀਤ ਸਿੰਘ ਕੁਲਾਰ: 360-733-6444, ਮੁੱਖ ਵਜ਼ੀਰ ਗਿਆਨੀ ਹਰੀ ਸਿੰਘ ਜੀ 360-398-1184

ਵੱਲੋਂ:ਗੁ. ਪ੍ਰਬੰਧਕ ਕਮੇਟੀ ਤੇ ਸਮੂੰਹ ਇਲਾਕਾ ਨਿਵਾਸੀ

# ਮੋਬਾਈਲਾਂ ਕਾਰਨ ਬੱਚੇ ਹੱਥੋਂ ਨਿਕਲੇ

ਚੰਡੀਗੜ੍ਹ:ਡਿਜੀਟਲ ਦੁਨੀਆਂ ਵਿੱਚ ਬੱਚਿਆਂ ਦੀ ਲੋੜ ਤੋਂ ਵੱਧ ਦਿਲਚਸਪੀ ਸਬੰਧੀ ਆਲਮੀ ਫ਼ਿਕਰਾਂ ਦਰਮਿਆਨ ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੋਜੀ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਨਾਬਾਲਗਾਂ ਦੁਆਰਾ ਸੋਸ਼ਲ ਮੀਡੀਆ ਦੀ ਵਰਤੋਂ ਸਬੰਧੀ ਨਿਯਮ ਬਣਾਉਣ ਵਾਸਤੇ ਮਾਮਲਾ ਕੇਂਦਰ ਸਰਕਾਰ ਕੋਲ ਚੁੱਕੇਗੀ। ਇਸ ਤੋਂ ਇਲਾਵਾ ਸੂਬਾ ਸਰਕਾਰ ਬੱਚਿਆਂ ਦੇ ਹਿੱਤਾਂ ਦੀ ਰਾਖੀ ਲਈ ਆਲਮੀ ਪੱਧਰ ‘ਤੇ ਪ੍ਰਚਲਿਤ ਚੰਗੀਆਂ ਰੀਤਾਂ ਦਾ ਵੀ ਮੁਲਾਂਕਣ ਕਰੇਗੀ।ਪੰਜਾਬ ਵਿਧਾਨ ਸਭਾ ਵਿੱਚ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਵੱਲੋਂ ਪੇਸ਼ ਕੀਤੇ ਗਏ ਧਿਆਨ ਦਿਵਾਊ ਮਤੇ ਦਾ ਜਵਾਬ ਦਿੰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਡਿਜੀਟਲ ਸਮੱਗਰੀ ਦੀ ਵਰਤੋਂ ਉਮਰ-ਅਧਾਰਤ ਹੋਣੀ ਚਾਹੀਦੀ ਹੈ। ਸਾਨੂੰ ਇਹ ਨਿਰਧਾਰਤ ਕਰਨਾ ਚਾਹੀਦਾ ਹੈ ਕਿ ਕਿਹੜੀ ਸਮੱਗਰੀ 8 ਤੋਂ 12 ਸਾਲ ਦੀ ਉਮਰ ਦੇ ਬੱਚਿਆਂ ਲਈ ਢੁਕਵੀਂ ਹੈ, 13 ਤੋਂ 16 ਸਾਲ ਦੀ ਉਮਰ ਦੇ ਬੱਚਿਆਂ ਲਈ ਕਿਹੜੀ ਅਤੇ 18 ਸਾਲ ਤੋਂ ਵੱਧ ਉਮਰ ਦੇ ਨੌਜਵਾਨਾਂ ਲਈ ਕਿਹੜੀ ਸਮੱਗਰੀ ਢੁਕਵੀਂ ਹੈ। ਉਨ੍ਹਾਂ ਕਿਹਾ ਕਿ ਮੁਕੰਮਲ ਪਾਬੰਦੀ ਲਾਉਣਾ ਅਕਸਰ ਪਾਬੰਦੀਸ਼ੁਦਾ ਚੀਜ਼ ਵਿੱਚ ਬੱਚਿਆਂ ਦੀ ਮਨੋਵਿਗਿਆਨਕ ਦਿਲਚਸਪੀ ਨੂੰ ਹੋਰ ਵਧਾਉਂਦਾ ਹੈ ਅਤੇ ਅਜਿਹੀਆਂ ਪਾਬੰਦੀਆਂ ਅਕਸਰ ਨੌਜਵਾਨ ਉਪਭੋਗਤਾਵਾਂ ਨੂੰ ਇੰਟਰਨੈੱਟ ਦੀ ਕਾਲੀ ਦੁਨੀਆ ਅਤੇ ਗਲਤ ਪਾਸੇ ਲੈ ਜਾਂਦੀਆਂ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਬੱਚਿਆਂ ਦੀ ਸੁਰੱਖਿਆ ਅਤੇ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਡਿਜੀਟਲ ਯੁੱਗ ਇੱਕ ਗਲਤ ਆਦਤ ਬਣਨ ਦੀ ਥਾਂ ਸਿਰਫ਼ ਮੌਕਿਆਂ ਦੇ ਦੌਰ ਤੱਕ ਹੀ ਸੀਮਤ ਰਹੇ।

ਮੋਬਾਈਲ ਫੋਨ ਦੀ ਵਧਦੀ ਆਦਤ ਅਤੇ ਬੱਚਿਆਂ ਦੇ ਨੁਕਸਾਨਦੇਹ ਔਨਲਾਈਨ ਸਮੱਗਰੀ ਦੇ ਸੰਪਰਕ ‘ਚ ਆਉਣ ਦੀ ਸਮੱਸਿਆ ਦੇ ਟਾਕਰੇ ਲਈ ਸੂਬਾ ਸਰਕਾਰ ਦੀ ਵਿਆਪਕ “ਡਿਜੀਟਲ ਸੇਫਟੀ ਨੈੱਟ” ਰਣਨੀਤੀ ਦੀ ਰੂਪਰੇਖਾ ਬਾਰੇ ਦੱਸਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਸਮੱਸਿਆ ਦੇ ਟਾਕਰੇ ਲਈ ਸਰਕਾਰ, ਸਕੂਲਾਂ ਅਤੇ ਸਭ ਤੋਂ ਮਹੱਤਵਪੂਰਨ ਮਾਪਿਆਂ ਦੀ ਸ਼ਮੂਲੀਅਤ ਵਾਲੇ ਸਮੂਹਿਕ ਮੋਰਚੇ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਇਹ ਚਿੰਤਾ ਪੰਜਾਬ ਜਾਂ ਸਿਰਫ਼ ਭਾਰਤ ਤੱਕ ਸੀਮਿਤ ਨਹੀਂ ਹੈ, ਸਗੋਂ ਇਹ ਇੱਕ ਆਲਮੀ ਚੁਣੌਤੀ ਵਜੋਂ ਉੱਭਰੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਆਸਟ੍ਰੇਲੀਆ ਨੇ ਹਾਲ ਹੀ ਵਿੱਚ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ ਖਾਤਿਆਂ ‘ਤੇ ਪਾਬੰਦੀ ਲਾਉਣ ਵਾਲਾ ਕਾਨੂੰਨ ਬਣਾਇਆ ਹੈ ਅਤੇ ਕਰਨਾਟਕ ਨੇ ਵੀ ਇਸੇ ਤਰ੍ਹਾਂ ਦੀ ਹੀ ਪਾਬੰਦੀ ਦਾ ਪ੍ਰਸਤਾਵ ਰੱਖਿਆ ਹੈ। ਇਸਦੇ ਨਾਲ ਹੀ ਆਂਧਰਾ ਪ੍ਰਦੇਸ਼ ਵੀ 13 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਡਿਜੀਟਲ ਸਮੱਗਰੀ ਦੀ ਪਹੁੰਚ ਨੂੰ ਸੀਮਤ ਕਰਨ ‘ਤੇ ਵਿਚਾਰ ਕਰ ਰਿਹਾ ਹੈ।

ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਚੁਣੌਤੀ ਨਾਲ ਸਰਗਰਮੀ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਨੇ ਵੀ ਕਈ ਪਹਿਲਕਦਮੀਆਂ ਕੀਤੀਆ ਹਨ। ਸੂਬਾ ਸਰਕਾਰ ਨੇ ਸਾਈਬਰ ਜਾਗੋ ਮੁਹਿੰਮ ਸ਼ੁਰੂ ਕੀਤੀ ਹੈ, ਜੋ ਕਿ ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਵੀਜ਼ਨ ਅਤੇ ਆਈਟੀ ਵਿਭਾਗ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ। ਇਸ ਪ੍ਰੋਗਰਾਮ ਤਹਿਤ 3,968 ਸਰਕਾਰੀ ਹਾਈ ਸਕੂਲਾਂ ਦੇ ਅਧਿਆਪਕਾਂ ਨੂੰ “ਡਿਜੀਟਲ ਸਲਾਹਕਾਰ” ਵਜੋਂ ਸਿਖਲਾਈ ਦਿੱਤੀ ਜਾ ਰਹੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਔਨਲਾਈਨ ਖਤਰਿਆਂ ਦੀ ਪਛਾਣ ਕਰਨ ਅਤੇ ਸਕ੍ਰੀਨ ‘ਤੇ ਲਾਉਣ ਵਾਲੇ ਸੁਚੱਜੇ ਸਮੇਂ ਬਾਰੇ ਸਿੱਖਿਅਤ ਕੀਤਾ ਜਾ ਸਕੇ।

ਸਾਈਬਰ ਸ਼ਿਕਾਇਤਾਂ ‘ਤੇ ਤੇਜ਼ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਪੰਜਾਬ ਪੁਲਿਸ ਨੇ ਰਾਸ਼ਟਰੀ ਸਾਈਬਰ ਕ੍ਰਾਈਮ ਹੈਲਪਲਾਈਨ (1930) ਨੂੰ ਰਾਜ ਦੇ ਡਾਇਲ-112 ਐਮਰਜੈਂਸੀ ਰਿਸਪਾਂਸ ਸਿਸਟਮ ਨਾਲ ਜੋੜਿਆ ਹੈ। ਨਾਗਰਿਕ ਹੁਣ ਸਿੰਗਲ ਐਮਰਜੈਂਸੀ ਨੰਬਰ ਰਾਹੀਂ ਔਨਲਾਈਨ ਧੋਖਾਧੜੀ, ਸਾਈਬਰ ਧੱਕੇਸ਼ਾਹੀ ਜਾਂ ਸਾਈਬਰ ਅਪਰਾਧ ਦੀਆਂ ਘਟਨਾਵਾਂ ਦੀ ਰਿਪੋਰਟ ਕਰ ਸਕਦੇ ਹਨ। ਇਸਦੇ ਨਾਲ ਹੀ ਸਰਕਾਰ ਨੇ ਪ੍ਰੋਜੈਕਟ ਜੀਵਨ ਜੋਤ 2.0 ਵੀ ਸ਼ੁਰੂ ਕੀਤਾ ਹੈ, ਜਿਸ ਵਿੱਚ ਵਿਸ਼ੇਸ਼ ਕਰਕੇ ਬੱਚਿਆਂ ਦੇ ਔਨਲਾਈਨ ਸ਼ੋਸ਼ਣ ਦੀ ਸਮੱਸਿਆ ਦੇ ਹੱਲ ਲਈ ਜ਼ਿਲ੍ਹਾ ਪੱਧਰੀ ਟਾਸਕ ਫੋਰਸਾਂ ਦਾ ਗਠਨ ਕੀਤਾ ਗਿਆ ਹੈ।

ਡਿਜੀਟਲ ਨਿੱਜੀ ਡੇਟਾ ਸੁਰੱਖਿਆ ਐਕਟ, 2023 ਦਾ ਹਵਾਲਾ ਦਿੰਦੇ ਹੋਏ, ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਰਾਜ ਨਾਬਾਲਗਾਂ ਦੇ ਡੇਟਾ ਦੀ ਪ੍ਰਕਿਰਿਆ ਲਈ ਆਪਣੇ “ਪ੍ਰਮਾਤਮਾ ਦੀ ਪੁਸ਼ਟੀਯੋਗ ਸਹਿਮਤੀ” ਆਦੇਸ਼ ਨੂੰ ਲਾਗੂ ਕਰਨ ਲਈ ਕੇਂਦਰ ਨਾਲ ਮਿਲ ਕੇ ਕੰਮ ਕਰ ਰਿਹਾ ਹੈ। ਰਾਜ ਇਨ੍ਹਾਂ ਉਮਰ-ਸੀਮਾ ਅਤੇ ਸੁਰੱਖਿਆ-ਦੁਆਰਾ-ਡਿਜ਼ਾਈਨ ਸਿਧਾਂਤਾਂ ਦੀ ਸਖਤੀ ਨਾਲ ਪਾਲਣਾ ਕਰਨ ਲਈ ਵਚਨਬੱਧ ਹੈ। ਸਕੂਲਾਂ ਨੂੰ ਸਕ੍ਰੀਨ ਦੀ ਲਤ ਅਤੇ ਮਾਨਸਿਕ ਸਿਹਤ ਨੂੰ ਸੰਬੋਧਿਤ ਕਰਨ ਵਾਲੇ ਕਾਉਂਸਲਿੰਗ ਸੈਸ਼ਨ ਕਰਵਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ “ਇਨਡੋਰ” ਡਿਜੀਟਲ ਅਡਿਕਸ਼ਨ ਦੇ ਟਾਕਰੇ ਲਈ ਇੱਕ ਮਹੱਤਵਪੂਰਨ ਕਦਮ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿੰਡ ਪੱਧਰ ‘ਤੇ 3,100 ਅਤਿ-ਆਧੁਨਿਕ ਸਟੇਡੀਅਮ ਬਣਾਏ ਹਨ ਅਤੇ 6,000 ਹੋਰ ਬਣਾਉਣ ਦੀ ਯੋਜਨਾ ਹੈ। ਇਸਦੇ ਨਾਲ 1,000 ਇਨਡੋਰ ਜਿੰਮਾਂ ਦੀ ਉਸਾਰੀ ਚੱਲ ਰਹੀ ਹੈ ਅਤੇ 5,000 ਹੋਰ ਬਣਾਉਣ ਦੀ ਯੋਜਨਾ ਹੈ।

ਉਨ੍ਹਾਂ ਕਿਹਾ ਕਿ ਜੇ ਬੱਚੇ ਸਰੀਰਕ ਗਤੀਵਿਧੀਆਂ ਵਿੱਚ ਸ਼ਾਮਲ ਨਹੀਂ ਹੁੰਦੇ ਤਾਂ ਉਹ ਸਕ੍ਰੀਨਾਂ ਨਾਲ ਚਿਪਕੇ ਰਹਿਣ ਦੇ ਆਦੀ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਾਡਾ ਟੀਚਾ ਨੌਜਵਾਨਾਂ ਦੀ ਊਰਜਾ ਨੂੰ ਸਕ੍ਰੀਨ ਤੋਂ ਹਟਾ ਕੇ ਸਿਹਤਮੰਦ ਬਦਲ ਭਾਵ ਖੇਡਾਂ ਵੱਲ ਲਾਉਣਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਨਾਬਾਲਗਾਂ ਦੁਆਰਾ ਸੋਸ਼ਲ ਮੀਡੀਆ ਦੀ ਵਰਤੋਂ ‘ਤੇ ਕਾਨੂੰਨੀ ਪਾਬੰਦੀਆਂ ਨੂੰ ਭਾਰਤ ਸਰਕਾਰ ਦੁਆਰਾ ਸੂਚਨਾ ਤਕਨਾਲੋਜੀ ਐਕਟ, 2000 ਤਹਿਤ ਬਣਾਏ ਗਏ ਨਿਯਮਾਂ ਰਾਹੀਂ ਲਾਗੂ ਕੀਤਾ ਜਾ ਸਕਦਾ ਹੈ। ਇਸਦੇ ਨਾਲ ਹੀ ਸੋਸ਼ਲ ਮੀਡੀਆ ਸਮੱਗਰੀ ਦੇ ਸਬੰਧ ਵਿੱਚ ਉਮਰ-ਤਸਦੀਕ ਵਰਗੀਆਂ ਸ਼ਰਤਾਂ ਲਾਈਆਂ ਜਾ ਸਕਦੀਆਂ ਹਨ।


• ਇੰਸ਼ੋਰੈਂਸ ਦੀਆਂ ਸਾਰੀਆਂ ਵੱਡੀਆਂ ਪਲੈਨਾਂ ਲੈਂਦੇ ਹਾਂ • ਅਸੀਂ ਪੰਜਾਬੀ, ਹਿੰਦੀ ਅਤੇ ਉਰਦੂ ਬੋਲਦੇ ਹਾਂ
• ਸ਼ਾਮ ਅਤੇ ਵੀਕਐਂਡ ਦੀਆਂ ਅਪਾਇੰਟਮੈਂਟਾਂ ਉਪਲਬੱਧ ਹਨ • ਸਕਾਟ ਰੋਡ ਗੁਰਦਵਾਰਾ ਦੇ ਨੇੜੇ, ਸਤਨਾਮ ਪਲਾਜ਼ਾ ਵਿੱਚ

ਪਿਛਲੇ 10 ਸਾਲਾਂ ਤੋਂ ਉੱਪਰ ਸੇਵਾਵਾਂ ਪ੍ਰਦਾਨ ਕਰਦੇ ਆ ਰਹੇ ਹਾਂ




ਸੇਵਾਵਾਂ :
- ਜਾੜ ਭਰਨੀ
- ਦੰਦ ਕੱਢਣੇ
- ਕਰਾਊਨ ਤੇ ਬ੍ਰਿਜ
- ਡਿਜੀਟਲ ਐਕਸਰੇ
- ਵਾਈਟ ਫਿਲਿੰਗਸ
- ਦੰਦਾਂ ਦੀ ਸਫਾਈ ਅਤੇ ਚੈੱਕਅੱਪ

SERVICES:
- Extractions
- White Fillings
- Root Canals
- Crown & Bridge
- Digital X-Rays
- Teeth Cleaning & Checkup

- All Major Insurance Plans Accepted
- Punjabi, Hindi, Urdu Spoken
- New Patients Welcome

Evening & Weekend Appointment Available

Practising For Over 10 Years

ਇਮਰਜੈਂਸੀ ਅਪਾਇੰਟਮੈਂਟਾਂ ਉਪਲਬੱਧ ਹਨ

EVERSHINE DENTISTRY

EVERSHINE
FAMILY DENTISTRY
ਤੁਹਾਡੇ ਪਰਿਵਾਰ ਲਈ...ਤੰਦਰੁਸਤ ਤੇ ਸੁੰਦਰ ਮੁਸਕਾਨ




604.593.6515
#111 - 7130 120th Street, Surrey, BC
Near Guru Nanak Sikh Gurdwara
Ground Floor of Satnam Plaza

(FREE AMPLE PARKING)



Dr. Anjanpal Kaur Bhalla
www.evershinedental.ca
ਡਾ. ਅੰਜਨਪਾਲ ਕੌਰ ਭੱਲਾ



UNIVERSAL FINGERPRINTING SERVICE

RCMP Criminal Record Check Fingerprints for:

*Permanent Residence
*Canadian Citizenship
*Security License
*Employment
*Name Change
*Privacy Act Request
*Visa/Border Crossing/
*Foreign Travel/Work
*Vulnerable Sector Checks
*US Entry Waiver
*Record Suspension Application
*FBI Fingerprints
*Digitize the ink fingerprints
*Ink Fingerprints
*Name Based Record Checks

• ਪਰਮਾਨੈਂਟ ਰੈਜੀਡੈਂਸ
• ਕਨੇਡੀਅਨ ਸਿਟੀਜਨਸ਼ਿਪ
• ਸਕਿਓਰਟੀ ਲਾਇਸੈਂਸ • ਇੰਪਲਾਇਮੈਂਟ
• ਨਾਮ ਬਦਲੀ • ਪ੍ਰਾਈਵੇਸੀ ਐਕਟ ਰਿਕੁਐਸਟ
• ਵਲਨਰਏਬਲ ਸੈਕਟਰ ਚੈਕਸ
• ਯੂ ਐਸ ਐਂਟਰੀ ਵੇਵਰ
• ਵੀਜ਼ਾ/ਬਾਰਡਰ ਕਰਾਸਿੰਗ/ਫੌਰਨ ਟਰੈਵਲ/ਕੰਮ
• ਰਿਕਾਰਡ ਸਸਪੈਂਸ਼ਨ ਐਪਲੀਕੇਸ਼ਨ
• ਐਫ ਬੀ ਆਈ ਫਿੰਗਰਪ੍ਰਿੰਟ
• ਡਿਜੀਟਲ ਦਾ ਇੰਕ ਫਿੰਗਰਪ੍ਰਿੰਟਸ
• ਇੰਕ ਫਿੰਗਰਪ੍ਰਿੰਟਸ
• ਨਾਮ ਬੇਸਡ ਰਿਕਾਰਡ ਚੈੱਕ

EAST WEST IMMIGRATION SERVICES INC.

*INDIA VISA *India E Visa, UK & Schengen Visa
*Entry Visa Application for 1 year & 5 years
*Overseas Citizenship of India Application (OCI)
*ਇੰਡੀਅਨ ਵੀਜਾ *ਇੰਡੀਅਨ ਈ-ਵੀਜਾ *ਯੂਕੇ & Schengen ਵੀਜਾ
*ਐਂਟਰੀ ਵੀਜਾ ਐਪਲੀਕੇਸ਼ਨ (1 ਸਾਲ ਅਤੇ 5 ਸਾਲ)
*ਓਵਰਸੀਜ ਸਿਟੀਜਨਸ਼ਿਪ ਆਫ ਇੰਡੀਆ (ਓਸੀਆਈ)

*Indian PCC
*Indian Passport Renewal
*OCI Applications
*Visitor Visa Application
*Canadian Citizenship Application
*US Visa Application
*PR card renewal Application
*BC-Name Change Application

• ਇੰਡੀਅਨ ਪੀ ਸੀ ਸੀ
• ਇੰਡੀਅਨ ਪਾਸਪੋਰਟ ਰੀਨਿਊ
• ਓ ਸੀ ਆਈ ਐਪਲੀਕੇਸ਼ਨਜ
• ਵਿਜਟਰ ਵੀਜਾ ਐਪਲੀਕੇਸ਼ਨ
• ਕਨੇਡੀਅਨ ਸਿਟੀਜਨਸ਼ਿਪ ਐਪਲੀਕੇਸ਼ਨ
• ਯੂ ਐਸ ਵੀਜਾ ਐਪਲੀਕੇਸ਼ਨ
• ਪੀ ਆਰ ਕਾਰਡ ਰੀਨਿਊ ਐਪਲੀਕੇਸ਼ਨ
• ਬੀ ਸੀ ਨਾਮ ਚੇਂਜ ਐਪਲੀਕੇਸ਼ਨ

Parminder Kindhra CICC CCIC

PH : 604-503-8898

#303-(3rd floor) 8318-120St, Surrey Email:office@universalfingerprinting.com OPEN 7 DAYS A WEEK

## Over 30 Years of Industry Experience

# MULTANI LAW GROUP

ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ



Gerald F. Robison
Senior Attorney

MULTANI LAW GROUP

**Jashan Multani**

**206-243-4219**



Jashan Multani
Associate Partner

## ਅਸੀਂ ਭਰੋਸੇਯੋਗ ਕਾਨੂੰਨੀ ਸਲਾਹ ਪ੍ਰਦਾਨ ਕਰਦੇ ਹਾਂ

**Services we provide:**

- Immigration/Political Asylum U-Visa, Vawa,
-SIJ Guardianship Cases
- Car Accidents/Personal Injury
- Evictions

**ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ**

-ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ, ਯੂ-ਵੀਜਾ, ਵਾਅਵਾ,
-SIJ ਗਾਰਡੀਅਨਸ਼ਿਪ ਕੇਸ
-ਕਾਰ ਐਕਸੀਡੈਂਟ/ਪ੍ਰਸਨਲ ਇਨਜਰੀ
-ਕਿਰਾਏਦਾਰ ਕੱਢਣਾ

**Website:multanilawgroup.com**

**Email:Jashan@multanilawgroup.com**

Add: 13106 S. East 240th St., #110, Kent, WA 98031

ਸਿਆਟਲ ਨਿਵਾਸੀਆਂ ਦਾ ਜਾਣਿਆਂ ਪਹਿਚਾਣਿਆਂ ਤੇ ਭਰੋਸੇਮੰਦ

# USA TRAVEL

## FLY from Seattle to India

**We Represent All Major Airlines**

TURKISH AIRLINES · QATAR AIRWAYS · DELTA · Emirates · Lufthansa



**Lowest Fare Guaranteed**

**We will beat any fare given in Kent/Seattle Area by Any Travel Agency**

**24 Hr Emergency**
**Call Amit Juneja: 206-992-2724**



*Now 2 Locations To Serve You*

23609 104th Ave SE #101, Kent WA 98031
Ph: 253-867-0450 | 253-867-0451

1729 208th St Suite #202, Bothell WA 98012
Ph: 425-420-1888 | 425-420-1889

Email: info@usatravelguru.com
Website: www.usatravelguru.com

*India Special FARES*

**USA Travel Services is your one-stop shop for all of your travel needs.**

- Power of Attorney,
- Affidavits, Passports,
- Renunciations
- OCI • Notary Public •
- Translation - Hindi / Punjabi
- Uk & India Online Visa Available

- ਮੁਖਤਿਆਰਨਾਮਾ,
- ਐਫੀਡੇਵਿਟ, ਪਾਸਪੋਰਟ,
- ਓ.ਸੀ.ਆਈ.
- ਨੋਟਰੀ ਪਬਲਿਕ
- ਪੰਜਾਬੀ ਇੰਗਲਿਸ਼ ਦੀ ਟ੍ਰਾਂਸਲੇਸ਼ਨ
- ਇੰਡੀਆ ਦਾ ਵੀਜ਼ਾ ਅਤੇ ਪਾਸਪੋਰਟ ਬਣਵਾਉ


OPEN 6 DAYS A WEEK,
TUESDAY CLOSED
OPENING HOURS
Lunch hours from 11am -2:30pm
Dinner Hours from 5pm-9pm, Last Seating is 8:30pm
The Only True Punjabi (Indian) Vegetarian In Renton
New Pabla Ready To Eat Frozen Cuisine Available
Renton Location has Full Grocery Store & Sweet Shop
East Indian Spices, Dairy Products,
ਤੁਸੀਂ ਇਥੋਂ ਤਾਜਾ ਸਵਾਦਲੀਆਂ ਮਠਿਆਈਆਂ ਖਰੀਦ ਸਕਦੇ ਹੋ
ਪਾਬਲਾ ਇੰਡੀਅਨ ਕੁਜ਼ੀਨ ਦੀ ਰੈਂਟਨ ਵਾਲੀ ਲੋਕੇਸ਼ਨ ਤੋਂ ਤੁਸੀਂ ਹਰ ਤਰ੍ਹਾਂ ਦੀ ਭਾਰਤੀ ਗਰੋਸਰੀ, ਮਿਠਾਈ, ਇੰਡੀਅਨ ਮਸਾਲੇ ਡੇਅਰੀ ਲੈ ਸਕਦੇ ਹੋ।
Pabla Indian Cuisine
Phone: 425-228-4625
Fax: 425-228-4629
Serving Washington for 27 years.
www.pablacuisine.com
pablacuisine@gmail.com


PABLA PUNJABI PALACE
2nd Location Now Open in Federal Way, WA
2020 S 314th St, Federal Way, WA 98003 (Hillside Plaza)
• Marriage Parties •Birthday Parties •Mehndi Parties • Business Meetings •Any Kind Of Functions
Specials: Take out 7 Days a week
DJ, Dance Floor, Catering for
All Occasions, Big TV Screens & Family Atmosphere
Seating for
1200 people
ਹੁਣ ਤੁਸੀਂ ਇਸ ਲੋਕੇਸ਼ਨ ਤੋਂ ਇੰਡੀਅਨ ਗਰੌਸਰੀ ਅਤੇ ਮਠਿਆਈਆਂ ਵੀ ਲੈ ਸਕਦੇ ਹੋ
For booking your event Please call Jas pabla At
Ph: 206-769-5559
Email: pablajas@yahoo.com


PIZZA STATION
15300 33rd Ave S. Suite130, Seatac WA
10% Off All Orders
ਇਥੋਂ ਤੁਸੀਂ ਤਾਜੇ ਅਦਰਕ ਧਨੀਏ ਵਾਲੇ ਪੀਜੇ ਦੇ ਨਾਲ-ਨਾਲ ਭਾਰਤੀ ਗਰੌਸਰੀ ਵੀ ਬਹੁਤ ਘੱਟ ਕੀਮਤਾਂ ਤੇ ਖਰੀਦ ਸਕਦੇ ਹੋ।
PH:206-644-4133
Sun to Thurs: 10 am-10 pm
Fri/Sat: 10 am to 11pm
Email:info@pizzastationwa.com


Boulevard Market
ਇੰਡੀਅਨ ਗਰੌਸਰੀ ਅਤੇ ਤਾਜੀਆਂ ਸਬਜੀਆਂ/ਫਲਾਂ ਦਾ ਸਟੋਰ ਜਿੱਥੋਂ ਤੁਸੀਂ ਸਭ ਤੋਂ ਘੱਟ ਕੀਮਤਾਂ ਤੇ ਬਹੁਤ ਹੀ ਸਾਫ ਸੁਥਰੀਆਂ ਦਾਲਾਂ ਅਤੇ ਤਾਜੀਆਂ ਸਬਜੀਆਂ, ਹਰ ਪ੍ਰਕਾਰ ਦੀ ਗਰੌਸਰੀ ਖਰੀਦ ਸਕਦੇ ਹੋ, ਸਬਜੀਆਂ ਤੇ ਫਲ ਫਰੂਟ ਹਰ ਰੋਜ ਤਾਜੇ ਮੰਗਵਾਏ ਜਾਂਦੇ ਹਨ।
Opening Hours: 9 am to 9 pm (7Days Week)
PH:206-644-4010


Space Available for your Ad
ਪੰਜਾਬ ਗਾਰਡੀਅਨ ਨਾਲ
ਐਡ ਪਾਉ ਅਤੇ ਆਪਣਾ
ਬਿਜ਼ਨਸ ਵਧਾਓ
ਪੰਜਾਬ ਗਾਰਡੀਅਨ
PUNJAB GUARDIAN
www.punjabguardian.com
Call to Advertise 604-590-5200


TEAM ARMY
REAL ESTATE
Specialties:Buyers's Agent
Listing Agent-Short Sale
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ
ਖਰੀਦਣ ਜਾਂ ਵੇਚਣ ਲਈ ਹਮੇਸ਼ਾਂ ਯਾਦ ਰੱਖੋ।
MORTGAGE
Specialties:Loan Specialist
Many Financing Options Available
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ
ਖਰੀਦਣ ਜਾਂ ਰੀਫਾਇਨੈਂਸਿੰਗ ਲਈ ਕਿਸੇ ਵੀ ਤਰ੍ਹਾਂ ਦੀ ਮੌਰਗੇਜ ਲੈਣ ਲਈ ਯਾਦ ਰੱਖੋ
Maj Parminder (Pari) Mann
Ex Indian Army
SKYLINE PROPERTIES, INC
Cell:425-499-9704
email:parimann@gmail.com
Col Navtej Nijjar
NMLS 1484258
LA Financial Services
Cell:206-334-4035
email:nijjar.n@gmail.com

# AUBURN'S MAIN SUPERMARKET

INDIAN GROCERIES-LIQUOR-WINE

1119E Main St. Auburn, WA 98002

Store hours: Mon-Sat: 8:00 AM - 10:00 PM Sun: 8:00 AM - 9:00 PM

Lowest Prices in Town WIDE VARIETY OF FROZEN FOOD

When you spend $50 or more,get 5% discount

When you spend $100 or more,get 10% discount Discount only apply to Indian Grocery



Fresh Sugarcane Juice Natural Energy Drink Refresh Your Power

PANI PURI

Fresh Smoothies

FREE PANI-PURI FRI-SUN (12PM 5PM) ONLY 4 Pani Puri/CUSTOMER

ALL KINDS OF HOUSEHOLD UTENSILS (BARTAN) AVAILABLE

BLANKETS ARE ALSO AVAILABILE IN KING, QUEEN, TWIN SIZES

Fresh SugarCane Juice Everyday

Ph:253-249-7430, Cell:253-205-9981

www.auburnsmainsupermarket.com *All prices are marked down



# Kaurs Tax And Accounting

**Trucking Compliance**
- IFTA
- IRP Registration
- LLC Registration
- Permits and Licensing
- Drug and Alcohal
- Clearing House
- Dot Compliance
- FMCSA Compliance
- DOT Audit Support
- Heavy Highway Tax
- MCS-150

**Professional Assistance Filling**
- OCI • UK Visa
- Passport • Indian Visa
- Power Of Attorney
- Immigration Petition
- Permit & Citizenship
- Health Insurance
- Affidavit

**Tax Services**
- Tax Filing & Planning
- Personal & Business
- Notary Public
- Payroll Service

ਇਹ ਸੇਵਾਵਾਂ ਪੰਜਾਬੀ/ਹਿੰਦੀ ਵਿੱਚ ਵੀ ਉਪਲੱਬਧ ਹਨ।

ਵਧੀਆ ਅਤੇ ਭਰੋਸੇਮੰਦ ਪ੍ਰੋਫੈਸ਼ਨਲ ਅਕਾਊਂਟਿੰਗ ਅਤੇ ਟੈਕਸ ਸੇਵਾਵਾਂ ਲਈ ਸੰਪਰਕ ਕਰੋ:



Jaz Kaur Randhawa

Ph:206-472-9602

702 S Hill Park Dr Suite 202 Puyallup, WA 98373

accounting@kaurs.net

trucking@kaurs.net

Web:www.kaurs.net



# WEST CAPITAL LENDING

YOUR PREFFERRED LOCAL LENDER

- ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
- ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
- ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾ ਤੇ ਹੋਰ ਛੋਟੇ ਬਿਜਨਸਾਂ ਲਈ ਵੀ ਅਸੀਂ ਮੌਰਗੇਜ ਦਾ ਪ੍ਰਬੰਧ ਕਰਦੇ ਹਾਂ

-CONVENTIONAL -FHA -VA Loans -30YR/15YR/10YR FIXED -DSCR -P&L -30 DAY SOFR ARM -1099 PROGRAM -7/6 SOFR ARMS -LOT/CUSTOM CONSTRUCTION LOAN AVAILABLE -24/12 BANK STATEMENT LOANS



ਮੌਰਗੇਜ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਮੱਦਦ ਜਾਂ ਜਾਣਕਾਰੀ ਲੈਣ ਲਈ ਮੇਰੇ ਨਾਲ ਸੰਪਰਕ ਕਰੋ

ਘੱਟ ਰੇਟਾਂ ਦੀ ਗਰੰਟੀ

KESSHAV SHARMA BRANCH MANAGER

WEST CAPITAL LENDING

Call/text (425) 239-4517

ksharma@westcapitallending.com

westcapitallending.com

NMLS# 2468293 I NMLS# 1566096 I DRE# 02022356

24 Executive Park, Ste 250 Irvine, CA 92614



# Ready to grow your business?

Count on us for solutions.



Gifty Singh
Bellevue
400 112th Ave NE
206–909–5226

BANNER BANK

bannerbank.com Member FDIC



JAG'S PIZZA

# ਇੰਡੀਅਨ ਸਟਾਈਲ ਪੀਜ਼ਾ ਮੈਰਿਸਵੈੱਲ ਵਿਚ

ਜਿੱਥੇ ਤੁਹਾਡੇ ਸਵਾਦ ਅਨੁਸਾਰ ਵਧੀਆ ਅਦਰਕ ਧਨੀਆ ਵਾਲੇ ਮਸਾਲੇਦਾਰ ਤੰਦੂਰੀ ਚਿਕਨ, ਬਟਰ ਚਿਕਨ, ਕੜਾਹੀ ਚਿਕਨ, ਸ਼ਾਹੀ ਪਨੀਰ, ਤੰਦੂਰੀ ਪਨੀਰ, ਕੜਾਹੀ ਪਨੀਰ ਅਤੇ ਹਰ ਤਰ੍ਹਾਂ ਦੇ ਵੈਜੀਟੇਰੀਅਨ ਪੀਜ਼ੇ ਬਣਾਏ ਜਾਂਦੇ ਹਨ

PH:360-386-9508

*5830 B, Grove St, Marysville, WA (Inside Shell Gas Station Plaza)*

www.jagspizza.com

OPEN 7 DAYS A WEEK SUNDAY TO THURSDAY:11AM TO 10PM FRIDAY & SATURDAY:11AM TO 11.30PM



# HG TAX AND ACCOUNTING

25228 104th AVE SE Suite 103 Kent, WA 98030

IT'S TIME TO SAVE ON YOUR TAXES

OPEN M-F: 10 AM to 6 PM
SAT: 11 AM to 4 PM
SUN: By Appointment



Harpreet Singh, J.D. (253) 202-4516



# LANCER TRUCKING LLC

21307-116TH AVE SE, KENT, WA 98031-2206

Running all across United States



Privately owned transportation company that specialized in truckload, less than truckload (LTL) and expedited service with the most competitive rates, quality service. Let us handle your load.

Ph:206-849-1313



# ਵਾਸ਼ਿੰਗਟਨ ਦਾ ਸਭ ਤੋਂ ਵੱਡਾ ਇੰਡੀਅਨ ਗਰੌਸਰੀ ਸਟੋਰ

ਇਥੋਂ ਤੁਸੀਂ ਹਰ ਤਰ੍ਹਾਂ ਦੀ ਇੰਡੀਅਨ, ਨੇਪਾਲੀ, ਫਿਜੀ, ਮਿਡਲ ਈਸਟਰਨ, ਏਸ਼ੀਅਨ ਗਰੌਸਰੀ ਲੈ ਸਕਦੇ ਹੋ

GROCERY SINGH SAT SRI AKAL



LIQUOR - WINE BEER AVAILABLE

ਇੱਥੇ ਫਰੈੱਸ਼ ਪ੍ਰੋਡਿਊਸ, ਮੀਟ, ਮਠਿਆਈਆਂ ਤੇ ਹੋਰ ਬਹੁਤ ਕੁਝ ਉਪਲਬਧ ਹੈ

We Accept EBT Benefits SNAP

Now HIRING

ਸਾਨੂੰ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ

1825 BROADWAY, EVERETT WA 98201

425-374-7550 / 206-786-0870